ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 28 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੨ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪਰਵਿੰਦਰ ਝੋਟਾ ਮਾਮਲਾ: 329 ਅਦਾਲਤ ਨੇ ਅਸ਼ਵਨੀ ਕੁਮਾਰ ਦੀ ਪਤਨੀ ਨੂੰ ਜੇਲ੍ਹ ਭੇਜਿਆ



**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਦੇ ਨਸ਼ਾ ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਕਤਲਕਾਂਡ ਦੇ ਮੁਲਜ਼ਮ ਅਸ਼ਵਨੀ ਕੁਮਾਰ ਦੀ ਪਤਨੀ ਨੂੰ ਸੀ. ਬੀ. ਆਈ. ਅਦਾਲਤ ਵੱਲੋਂ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਗਿਆ ਹੈ। ਮਾਮਲੇ ਦੇ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਤੇ ਉਸ ਦੇ ਦੋ ਹੋਰ ਸਾਥੀਆਂ ਨੂੰ ਭਲਕੇ ਸੀ. ਬੀ. ਆਈ. ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ। ਦਰਅਸਲ, ਅਸ਼ਵਨੀ ਕੁਮਾਰ ਦੀ ਪਤਨੀ ਨੂੰ ਅੱਜ ਸੀ.ਬੀ.ਆਈ. ਵੱਲੋਂ ਮੋਹਾਲੀ ਦੀ ਸੀ.ਬੀ.ਆਈ. ਅਦਾਲਤ ਵਿਚ ਪੇਸ਼ ਕੀਤਾ ਗਿਆ। ਅਦਾਲਤ ਵੱਲੋਂ ਉਸ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ, ਜਦੋਂ ਕਿ ਅਸ਼ਵਨੀ ਕੁਮਾਰ ਅਤੇ ਉਸਦੇ ਦੋ ਹੋਰ ਸਾਥੀਆਂ ਨੂੰ ਰਿਮਾਂਡ ਖਤਮ ਹੋਣ ਤੋਂ ਬਾਅਦ ਕੱਲ ਸੀਬੀਆਈ ਦੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ, ਜਿਸ ਦੌਰਾਨ ਉਨ੍ਹਾਂ ਦੀ ਰਿਮਾਂਡ ਬਾਰੇ ਫ਼ੈਸਲਾ ਲਿਆ ਜਾਵੇਗਾ।

## ਮਾਨਸਾ ਪੁਲਿਸ ਛਾਉਣੀ 'ਚ ਤਬਦੀਲ : ਮੋਰਚੇ ਵਾਲੀ ਥਾਂ 'ਤੇ ਲਾਠੀਚਾਰਜ

# ਲਾਸ਼ ਖੋਹ ਕੇ ਭੱਜੀ ਪੁਲਿਸ, ਲੱਖਾ ਸਿਧਾਣਾ ਗ੍ਰਿਫ਼ਤਾਰ

**ਮਾਨਸਾ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਜ਼ਿਲ੍ਹੇ ਦੇ ਪਿੰਡ ਭੰਮੇ ਕਲਾ ਵਿੱਚ ਅਣਪਛਾਤੇ ਨੌਜਵਾਨਾਂ ਨੇ 32 ਸਾਲਾ ਨੌਜਵਾਨ ਦਲਜੀਤ ਸਿੰਘ ਨੂੰ ਪਿੰਡ ਦੇ ਨੇੜੇ ਇੱਕ ਕਾਰ ਵਿੱਚ ਸੁੱਟ ਦਿੱਤਾ। ਇਸ ਉਪਰੰਤ ਜਦੋਂ ਪਰਿਵਾਰ ਨੇ ਨੌਜਵਾਨ ਨੂੰ ਦੇਖਿਆ ਤਾਂ ਉਹ ਮ੍ਰਿਤ ਸੀ। ਇਸ ਸਬੰਧੀ ਪਰਿਵਾਰ ਨੇ ਦੋਸ਼ ਲਾਇਆ ਕਿ ਉਨ੍ਹਾਂ ਦੇ ਮੁੰਡੇ ਦੀ ਮੌਤ ਨਸ਼ੇ ਕਾਰਨ ਹੋਈ ਹੈ। ਮ੍ਰਿਤਕ ਦੀ ਪਤਨੀ ਨੇ ਕਿਹਾ ਕਿ ਉਸ ਦੇ ਪਤੀ ਨੇ 20-25 ਦਿਨਾਂ ਤੋਂ ਨਸ਼ਾ ਛੱਡਿਆ ਹੋਇਆ ਸੀ ਪਰ ਬੀਤੀ ਦਿਨੀਂ ਕੁਝ ਨੌਜਵਾਨ ਉਸ ਨੂੰ ਲੈ ਗਏ ਜਿਸ ਤੋਂ ਬਾਅਦ ਇਹ ਘਟਨਾ ਵਾਪਰ ਗਈ।



ਨੌਜਵਾਨ ਦੀ ਮੌਤ ਮਗਰੋਂ ਪਰਿਵਾਰ ਨੇ ਰੋਸ ਵਜੋਂ ਧਰਨਾ ਲਗਾ ਦਿੱਤਾ ਅਤੇ ਹੋਰ ਜਥੇਬੰਦੀਆਂ ਨਾਲ ਪਰਵਿੰਦਰ ਸਿੰਘ ਝੋਟਾ ਵਾਲੇ ਧਰਨਾ ਸਥਾਨ 'ਤੇ ਨੌਜਵਾਨ ਦੀ ਲਾਸ਼ ਲੈ ਕੇ ਜਾਣ ਦੀ ਤਿਆਰੀ ਕੀਤੀ ਗਈ। ਜਦੋਂ ਲਾਸ਼ ਨੂੰ ਲਿਜਾਇਆ ਜਾ ਰਿਹਾ ਸੀ ਤਾਂ ਪੁਲਸ ਨੇ ਉਨ੍ਹਾਂ ਨੂੰ ਰਸਤੇ 'ਚ ਹੀ ਰੋਕ ਲਿਆ। ਪੁਲਸ ਤੇ ਪ੍ਰਦਰਸ਼ਨਕਾਰੀ ਆਹਮੋ-ਸਾਹਮਣੇ ਹੋ ਗਏ। ਇਸ ਦਰਮਿਆਨ ਪ੍ਰਦਰਸ਼ਨਕਾਰੀਆਂ ਨੇ ਜੰਮ ਕੇ ਹੰਗਾਮਾ ਕੀਤਾ। ਜਿਸ ਮਗਰੋਂ ਘਟਨਾ ਸਥਾਨ 'ਤੇ ਕਾਫੀ ਤਣਾਅ ਪੈਦਾ ਹੋ ਗਿਆ। ਪਤਾ ਲੱਗਾ ਹੈ ਕਿ ਪੁਲਸ ਨੇ ਪ੍ਰਦਰਸ਼ਨਕਾਰੀਆਂ ਨੂੰ ਜ਼ਬਰਨ ਧਰਨੇ ਤੋਂ ਖਦੇੜਿਆ ਮ੍ਰਿਤਕ ਦੀ ਲਾਸ਼ ਕਬਜ਼ੇ ਵਿਚ ਲੈ ਲਈ।

ਦੂਜੇ ਪਾਸੇ ਪਰਮਿੰਦਰ ਸਿੰਘ ਝੋਟਾ ਦੇ ਕਤਲ ਦਾ ਇਨਸਾਫ ਲੈਣ ਲਈ ਲੱਗੇ ਮੋਰਚੇ ਵਾਲੀ ਥਾਂ 'ਤੇ ਵੀ ਵੱਡੀ ਗਿਣਤੀ 'ਚ ਪੁਲਿਸ ਨੇ ਧਾਵਾ ਬੋਲਿਆ ਤੇ ਮੋਰਚੇ ਨੂੰ ਖੇਰੂੰ-ਖੇਰੂੰ ਕਰਨ ਲਈ ਲਾਠੀਚਾਰਜ ਤੱਕ ਕੀਤਾ ਅਤੇ ਮੋਰਚੇ ਦੀ ਅਗਵਾਈ ਕਰ ਰਹੇ ਲੱਖਾ ਸਿਧਾਣਾ ਸਮੇਤ ਅਨੇਕਾਂ ਆਗੂਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਘਟਨਾ ਤੋਂ ਬਾਅਦ ਲੋਕਾਂ ਦਾ ਮਾਨ ਸਰਕਾਰ ਪ੍ਰਤੀ ਗੁੱਸਾ ਹੋਰ ਵੀ ਭਖ ਗਿਆ ਹੈ।

## ਚੰਡੀਗੜ੍ਹ-ਮੋਹਾਲੀ ਦੇ ਸਕੂਲਾਂ, ਪੰਜਾਬ ਵਿਧਾਨ ਸਭਾ ਤੇ ਦਿਲਜੀਤ ਦੋਸਾਂਝ ਦੇ ਸ਼ੋਅ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਅਤੇ ਮੋਹਾਲੀ ਵਿਚ ਮੁੜ ਬੰਬ ਧਮਾਕਿਆਂ ਦੀ ਧਮਕੀ ਮਿਲਣ ਨਾਲ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਚਿੰਤਾ ਵੱਧ ਗਈ ਹੈ। ਧਮਕੀ ਭਰੇ ਈਮੇਲਾਂ ਅਤੇ ਸੰਦੇਸ਼ਾਂ ਵਿਚ ਕਈ ਸਕੂਲਾਂ, ਪੰਜਾਬ ਵਿਧਾਨ ਸਭਾ ਅਤੇ ਪੰਜਾਬੀ ਗਾਇਕ ਤੇ ਅਦਾਕਾਰ ਦਿਲਜੀਤ ਦੋਸਾਂਝ ਦੇ ਆਗਾਮੀ ਸ਼ੋਅ ਦਾ ਜ਼ਿਕਰ ਕੀਤਾ ਗਿਆ ਹੈ। ਮਾਮਲੇ ਨੂੰ ਲੈ ਕੇ ਸੁਰੱਖਿਆ ਏਜੰਸੀਆਂ ਚੌਕਸ ਹਨ। ਜਾਣਕਾਰੀ ਅਨੁਸਾਰ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੇ ਧਮਕੀ ਭਰੇ ਸੰਦੇਸ਼ਾਂ ਵਿਚ ਚੰਡੀਗੜ੍ਹ ਦੇ ਸੈਕਟਰ-42 ਸਥਿਤ ਐੱਸ.ਆਰ. ਕਿਡਜ਼ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-44 ਦੇ ਸੇਂਟ ਜ਼ੇਵੀਅਰ ਸਕੂਲ ਅਤੇ ਮੋਹਾਲੀ ਦੇ ਕੁਝ ਸਕੂਲਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਗਈ ਹੈ। ਇਸ ਤੋਂ ਇਲਾਵਾ ਪੰਜਾਬ ਵਿਧਾਨ ਸਭਾ ਅਤੇ ਦਿਲਜੀਤ ਦੋਸਾਂਝ ਦੇ ਸ਼ੋਅ ਦਾ ਵੀ ਜ਼ਿਕਰ ਹੈ। ਵਾਇਰਲ ਈਮੇਲਾਂ ਦੇ ਸਕ੍ਰੀਨਸ਼ਾਟਾਂ ਵਿਚ ਅਕਤੂਬਰ ਤੋਂ 27 ਨਵੰਬਰ ਤੱਕ ਵੱਖ-ਵੱਖ ਥਾਵਾਂ 'ਤੇ




ਧਮਾਕੇ ਕਰਨ ਦੀ ਧਮਕੀ ਦਿੱਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਕੁਝ ਸੰਦੇਸ਼ਾਂ ਵਿੱਚ ਵਿਧਾਨ ਸਭਾ ਕੰਪਲੈਕਸ ਅਤੇ ਸਕੂਲਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਵੀ ਕਹੀ ਗਈ ਹੈ। ਹਾਲਾਂਕਿ, ਇਨ੍ਹਾਂ ਸੰਦੇਸ਼ਾਂ ਵਿੱਚ ਕੀਤੇ ਗਏ ਦਾਅਵਿਆਂ ਦੀ ਅਜੇ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ। ਧਮਕੀ ਭਰੇ ਸੰਦੇਸ਼ਾਂ ਵਿਚ ਦਿਲਜੀਤ ਦੋਸਾਂਝ ਦੇ ਆਉਣ ਵਾਲੇ ਸੰਗੀਤਕ ਪ੍ਰੋਗਰਾਮ ਦਾ ਜ਼ਿਕਰ ਹੋਣ ਕਾਰਨ ਮਾਮਲਾ ਹੋਰ ਗੰਭੀਰ ਬਣ ਗਿਆ ਹੈ। ਸੰਦੇਸ਼ਾਂ ਵਿਚ ਪ੍ਰੋਗਰਾਮ ਨੂੰ ਨਿਸ਼ਾਨਾ ਬਣਾਉਣ ਦੀ ਚਿਤਾਵਨੀ ਦਿੱਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਹਾਲਾਂਕਿ, ਕਿਸੇ ਸੰਗਠਨ ਦਾ ਨਾਮ ਸੰਦੇਸ਼ ਵਿੱਚ ਲਿਖੇ ਹੋਣ ਨਾਲ ਉਸ ਦੀ ਸ਼ਮੂਲੀਅਤ ਸਾਬਤ ਨਹੀਂ ਹੁੰਦੀ। ਪੁਲਸ ਅਤੇ ਸਬੰਧਤ ਸੁਰੱਖਿਆ ਏਜੰਸੀਆਂ ਵੱਲੋਂ ਧਮਕੀ ਭਰੇ ਸੰਦੇਸ਼ਾਂ ਦੀ ਸੱਚਾਈ ਅਤੇ ਉਨ੍ਹਾਂ ਦੇ ਸਰੋਤ ਦੀ ਜਾਂਚ ਕੀਤੀ ਜਾਣੀ ਮਹੱਤਵਪੂਰਨ ਹੈ। ਫਿਲਹਾਲ ਕਿਸੇ ਵੀ ਸੰਭਾਵੀ ਖ਼ਤਰੇ ਬਾਰੇ ਅੰਤਿਮ ਨਤੀਜਾ ਕੱਢਣ ਲਈ ਅਧਿਕਾਰਤ ਜਾਣਕਾਰੀ ਦੀ ਉਡੀਕ ਹੈ।

## ਪੰਜਾਬ ਸਮੇਤ 5 ਸੂਬਿਆਂ 'ਚ ਚੋਣ ਬਿਗੁਲ ! ਚੋਣ ਕਮਿਸ਼ਨ ਨੇ ਜਾਰੀ ਕੀਤੇ ਇਹ ਨਿਰਦੇਸ਼

**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਚੋਣ ਕਮਿਸ਼ਨ ਨੇ ਪੰਜਾਬ ਸਮੇਤ ਗੋਆ, ਮਣੀਪੁਰ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਹੋਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੋਣ ਡਿਊਟੀ ਨਾਲ ਸਿੱਧੇ ਤੌਰ 'ਤੇ ਜੁੜੇ ਅਧਿਕਾਰੀਆਂ ਦੀ ਤਾਇਨਾਤੀ ਅਤੇ ਤਬਾਦਲੇ ਸਬੰਧੀ ਨਿਰਦੇਸ਼ ਜਾਰੀ ਕੀਤੇ ਹਨ। ਚੋਣ ਕਮਿਸ਼ਨ ਮੁਤਾਬਕ ਇਨ੍ਹਾਂ ਸੂਬਿਆਂ ਦੀਆਂ ਮੌਜੂਦਾ ਵਿਧਾਨ ਸਭਾਵਾਂ ਦਾ ਕਾਰਜਕਾਲ ਜਲਦ ਖਤਮ ਹੋ ਰਿਹਾ ਹੈ। ਪੰਜਾਬ ਵਿਧਾਨ ਸਭਾ ਦਾ ਕਾਰਜਕਾਲ 16 ਮਾਰਚ 2027 ਤੱਕ ਹੈ। ਕਮਿਸ਼ਨ ਦੇ ਹੁਕਮਾਂ ਮੁਤਾਬਕ ਕੋਈ ਵੀ ਅਧਿਕਾਰੀ ਆਪਣੇ ਗ੍ਰਹਿ ਜ਼ਿਲ੍ਹੇ




ਵਿੱਚ ਤਾਇਨਾਤ ਨਹੀਂ ਰਹਿ ਸਕੇਗਾ। ਇਸ ਤੋਂ ਇਲਾਵਾ ਜਿਹੜੇ ਅਧਿਕਾਰੀ ਪਿਛਲੇ 4 ਸਾਲਾਂ ਦੌਰਾਨ ਕਿਸੇ ਜ਼ਿਲ੍ਹੇ ਵਿੱਚ 3 ਸਾਲ ਪੂਰੇ ਕਰ ਚੁੱਕੇ ਹਨ ਜਾਂ 31 ਮਾਰਚ 2027 ਤੱਕ 3 ਸਾਲ ਪੂਰੇ ਕਰ ਲੈਣਗੇ, ਉਨ੍ਹਾਂ ਦਾ ਵੀ ਤਬਾਦਲਾ ਕੀਤਾ ਜਾਵੇਗਾ। ਇਹ ਹੁਕਮ ਚੋਣਾਂ ਦੇ ਕੰਮ ਨਾਲ ਸਿੱਧੇ ਤੌਰ 'ਤੇ ਜੁੜੇ ਅਧਿਕਾਰੀਆਂ 'ਤੇ ਲਾਗੂ ਹੋਣਗੇ। ਇਨ੍ਹਾਂ ਵਿੱਚ ਚੋਣ ਡਿਊਟੀ ਨਾਲ ਸਬੰਧਤ ਅਧਿਕਾਰੀ ਅਤੇ ਪੁਲਿਸ ਅਧਿਕਾਰੀ ਵੀ ਸ਼ਾਮਲ ਹਨ। ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਇਲਾਵਾ ਇਹ ਨਿਰਦੇਸ਼ ਸਬੰਧਤ ਪੁਲਿਸ, ਆਬਕਾਰੀ ਅਤੇ ਟਰਾਂਸਪੋਰਟ ਵਿਭਾਗਾਂ ਦੇ ਅਧਿਕਾਰੀਆਂ 'ਤੇ ਵੀ ਲਾਗੂ ਹੋਣਗੇ। ਆਪਣੇ ਸਰਕਾਰੀ ਫਰਜ਼ਾਂ ਨਾਲ ਸਬੰਧਤ ਅਦਾਲਤ ਵਿੱਚ ਚੱਲ ਰਹੇ ਅਪਰਾਧਿਕ ਮਾਮਲਿਆਂ ਦਾ ਸਾਹਮਣਾ ਕਰ ਰਹੇ ਅਧਿਕਾਰੀਆਂ ਨੂੰ ਚੋਣ ਨਾਲ ਸਬੰਧਤ ਡਿਊਟੀਆਂ ਨਹੀਂ ਸੌਂਪੀਆਂ ਜਾਣਗੀਆਂ। ਕਮਿਸ਼ਨ ਨੇ ਸੂਬਾ ਸਰਕਾਰਾਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਜ਼ਿਲ੍ਹਿਆਂ ਵਿੱਚ ਤਾਇਨਾਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਗ੍ਰਹਿ ਜ਼ਿਲ੍ਹਿਆਂ ਵਿੱਚ ਤਾਇਨਾਤ ਨਾ ਕੀਤਾ ਜਾਵੇ। ਇਸ ਦੇ ਨਾਲ ਹੀ ਜ਼ਿਲ੍ਹਾ ਚੋਣ ਅਧਿਕਾਰੀ, ਰਿਟਰਨਿੰਗ ਅਧਿਕਾਰੀ ਅਤੇ ਸਹਾਇਕ ਰਿਟਰਨਿੰਗ ਅਧਿਕਾਰੀ ਵਰਗੇ ਅਹੁਦਿਆਂ 'ਤੇ ਤਾਇਨਾਤੀ ਕਰਦੇ ਸਮੇਂ ਨਿਯਮਾਂ ਦੀ ਪਾਲਣਾ ਕੀਤੀ ਜਾਵੇ। ਜ਼ਿਕਰਯੋਗ ਹੈ ਕਿ ਪੰਜਾਬ ਵਿਧਾਨ ਸਭਾ ਦਾ ਮੌਜੂਦਾ ਕਾਰਜਕਾਲ 16 ਮਾਰਚ 2027 ਨੂੰ ਖ਼ਤਮ ਹੋ ਰਿਹਾ ਹੈ। ਚੋਣ ਕਮਿਸ਼ਨ ਦਾ ਇਹ ਕਦਮ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਦੀ ਤਿਆਰੀ ਦਾ ਹਿੱਸਾ ਹੈ। ਇਸ ਦੌਰਾਨ ਭਾਰਤੀ ਚੋਣ ਕਮਿਸ਼ਨ ਦੇ ਸੀਨੀਅਰ ਅਧਿਕਾਰੀਆਂ ਦੀ ਇੱਕ ਟੀਮ ਚੋਣ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਪੰਜਾਬ ਪਹੁੰਚ ਗਈ ਹੈ। ਕਮਿਸ਼ਨ ਦੀ ਇਹ 10 ਮੈਂਬਰੀ ਟੀਮ ਅੱਜ (27 ਅਕਤੂਬਰ) ਅਤੇ ਕੱਲ੍ਹ (28 ਅਕਤੂਬਰ) ਨੂੰ ਰਾਜ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪ੍ਰਸ਼ਾਸਨਿਕ ਅਤੇ ਸੁਰੱਖਿਆ ਨਾਲ ਸਬੰਧਤ ਤਿਆਰੀਆਂ ਦਾ ਜ਼ਮੀਨੀ ਪੱਧਰ 'ਤੇ ਜਾਇਜ਼ਾ ਲੈ ਰਹੀ ਹੈ। ਸੀਨੀਅਰ ਡਿਪਟੀ ਚੋਣ ਕਮਿਸ਼ਨਰਾਂ ਅਤੇ ਡਾਇਰੈਕਟਰ ਜਨਰਲਾਂ ਦੀ ਅਗਵਾਈ ਵਾਲੀ ਟੀਮ, ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀਈਓ) ਅਤੇ ਰਾਜ ਦੇ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨਾਲ ਮਹੱਤਵਪੂਰਨ ਮੀਟਿੰਗਾਂ ਕਰੇਗੀ।

## ਵਿਧਾਨ ਸਭਾ ਸੈਸ਼ਨ ਦੇ ਆਖਰੀ ਦਿਨ ਹੰਗਾਮਾ, ਕਾਂਗਰਸੀ ਵਿਧਾਇਕ ਕਾਲੀਆਂ ਪੱਟੀਆਂ ਬੰਨ੍ਹ ਕੇ ਪਹੁੰਚੇ



**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੇ ਆਖਰੀ ਦਿਨ ਭਾਰੀ ਹੰਗਾਮਾ ਹੋਇਆ। ਇਹ ਵਿਵਾਦ ਉਸ ਦੋਸ਼ ਤੋਂ ਸ਼ੁਰੂ ਹੋਇਆ ਕਿ ਕਾਂਗਰਸੀ ਵਿਧਾਇਕਾਂ ਨੂੰ ਸਦਨ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਰਿਹਾ ਸੀ। ਕਾਂਗਰਸ ਪਾਰਟੀ ਨੇ ਦੋਸ਼ ਲਾਇਆ ਕਿ ਉਨ੍ਹਾਂ ਦੇ ਵਿਧਾਇਕਾਂ ਨੂੰ ਸੈਸ਼ਨ ਵਿੱਚ ਹਿੱਸਾ ਲੈਣ ਤੋਂ ਰੋਕਿਆ ਜਾ ਰਿਹਾ ਹੈ। ਇਸ ਦੇ ਜਵਾਬ ਵਿੱਚ, ਸਪੀਕਰ ਨੇ ਵਿਧਾਨ ਸਭਾ ਸਕੱਤਰ ਨੂੰ ਮਾਮਲੇ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ।ਸਪੀਕਰ ਨੇ ਬਸਪਾ ਵਿਧਾਇਕ ਨਛੱਤਰ ਪਾਲ ਤੋਂ ਵੀ ਪੁੱਛਿਆ ਕਿ ਕੀ ਉਨ੍ਹਾਂ ਨੂੰ ਸਦਨ ਵਿੱਚ ਦਾਖਲ ਹੋਣ ਤੋਂ ਰੋਕਿਆ ਗਿਆ ਸੀ। ਨਛੱਤਰ ਪਾਲ ਨੇ ਜਵਾਬ ਦਿੱਤਾ ਕਿ ਉਹ ਸਮੇਂ ਦੇ ਪਾਬੰਦ ਹਨ। ਇਸ 'ਤੇ ਸਪੀਕਰ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਮਾਣਯੋਗ ਮੈਂਬਰ ਨੂੰ ਸਦਨ ਵਿੱਚ ਦਾਖਲ ਹੋਣ ਤੋਂ ਨਹੀਂ ਰੋਕਿਆ ਜਾਵੇਗਾ, ਬਸ਼ਰਤੇ ਉਨ੍ਹਾਂ ਵਿਰੁੱਧ ਕੋਈ ਅਨੁਸ਼ਾਸਨੀ ਕਾਰਵਾਈ ਨਾ ਕੀਤੀ ਗਈ ਹੋਵੇ। ਕਾਂਗਰਸੀ ਵਿਧਾਇਕ ਗਲ ਵਿੱਚ ਕਾਲੀਆਂ ਪੱਟੀਆਂ (ਸਟੋਲ) ਪਾ ਕੇ ਪਹੁੰਚੇ; ਇਨ੍ਹਾਂ ਵਿੱਚ ਸੁਖਪਾਲ ਸਿੰਘ ਖਹਿਰਾ ਵੀ ਸ਼ਾਮਲ ਸਨ। ਕੁੱਲ ਪੰਜ ਸਰਕਾਰੀ ਮਤੇ ਪੇਸ਼ ਕੀਤੇ ਜਾਣੇ ਹਨ। ਇਨ੍ਹਾਂ ਵਿੱਚ ਯਮੁਨਾ ਦੇ ਪਾਣੀ ਵਿੱਚ ਪੰਜਾਬ ਦੇ ਹਿੱਸੇ, ਤਿੰਨ ਹੈੱਡਵਰਕਸ 'ਤੇ ਨਿਯੰਤਰਣ, 'ਡੈਮ ਸੇਫਟੀ ਐਕਟ' ਨੂੰ ਰੱਦ ਕਰਨ, ਰਾਜਸਥਾਨ ਤੋਂ ਪਾਣੀ ਦੇ ਖਰਚਿਆਂ ਦੀ ਵਸੂਲੀ, ਅਤੇ ਪਾਕਿਸਤਾਨ ਵੱਲ ਵਹਿ ਰਹੇ ਪਾਣੀ ਦੇ ਮੁੱਦੇ ਸ਼ਾਮਲ ਹਨ। ਇਸ ਤੋਂ ਇਲਾਵਾ, ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਵੱਲੋਂ ਕਾਨੂੰਨ-ਵਿਵਸਥਾ ਦੇ ਮੁੱਦੇ 'ਤੇ ਸਰਕਾਰ ਨੂੰ ਘੇਰੇ ਜਾਣ ਦੀ ਸੰਭਾਵਨਾ ਹੈ। ਕੁੱਲ ਮਿਲਾ ਕੇ, ਪੰਜ ਮਤੇ ਅਤੇ ਦੋ ਰਿਪੋਰਟਾਂ ਸਦਨ ਵਿੱਚ ਪੇਸ਼ ਕੀਤੀਆਂ ਜਾਣਗੀਆਂ। ਸੈਸ਼ਨ ਦੀ ਸ਼ੁਰੂਆਤ 'ਪ੍ਰਸ਼ਨ ਕਾਲ' ਨਾਲ ਹੋਵੇਗੀ, ਜਿਸ ਤੋਂ ਬਾਅਦ 'ਧਿਆਨ ਦਿਵਾਊ' ਮਤੇ ਲਿਆਂਦੇ ਜਾਣਗੇ। ਡੇਰਾ ਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਬਕਾਰਪੁਰ-ਈਸਾਪੁਰ-ਸਤਾਬਗੜ੍ਹ ਸੜਕ 'ਤੇ ਤੁਰੰਤ ਇੱਕ ਰਸਤਾ ਬਣਾਉਣ ਦਾ ਮੁੱਦਾ ਉਠਾਉਣਗੇ। ਮਾਨਸਾ ਤੋਂ ਵਿਧਾਇਕ ਡਾ. ਵਿਜੇ ਸਿੰਗਲਾ, ਸਿਹਤ ਮੰਤਰੀ ਦਾ ਧਿਆਨ ਖਿਆਲਾ ਕਲਾਂ ਸਥਿਤ ਕਮਿਊਨਿਟੀ ਹੈਲਥ ਸੈਂਟਰ ਵਿੱਚ ਇੱਕ 'ਟਰਾਮਾ ਸੈਂਟਰ' ਸਥਾਪਤ ਕਰਨ ਦੀ ਲੋੜ ਵੱਲ ਦਿਵਾਉਣਗੇ। ਇਸ ਦੇ ਨਾਲ ਹੀ, ਬਠਿੰਡਾ ਤੋਂ ਵਿਧਾਇਕ ਜਗਰੂਪ ਸਿੰਘ ਗਿੱਲ ਤਿੰਨ ਸਰਕਾਰੀ ਸਕੂਲਾਂ ਦੀ ਖਸਤਾ ਹਾਲਤ ਦਾ ਮੁੱਦਾ ਉਠਾਉਣਗੇ।

## ਗੁਰਦੁਆਰਾ ਸਾਹਿਬ ਦੇ ਗੇਟ 'ਤੇ ਫ਼ਾਇਰਿੰਗ ! ਸੁੱਟੀ ਧਮਕੀ ਭਰੀ ਚਿੱਠੀ

**ਲੁਧਿਆਣਾ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਗਰਾਓਂ ਦੇ ਨੇੜਲੇ ਪਿੰਡ ਗਗੜਾ ਵਿਚ ਉਸ ਸਮੇਂ ਭਾਰੀ ਦਹਿਸ਼ਤ ਫੈਲ ਗਈ, ਜਦੋਂ ਇਕ ਅਣਪਛਾਤੇ ਨਕਾਬਪੋਸ਼ ਨੌਜਵਾਨ ਨੇ ਗੁਰਦੁਆਰਾ ਸਾਹਿਬ ਭਗਤ ਧੰਨਾ ਜੀ ਦੇ ਮੁੱਖ ਗੇਟ 'ਤੇ ਸ਼ਰੇਆਮ ਗੋਲੀਆਂ ਚਲਾ ਦਿੱਤੀਆਂ। ਮੁਲਜ਼ਮ ਨੇ ਗੇਟ 'ਤੇ 2 ਰੌਂਦ ਫਾਇਰ ਕੀਤੇ ਅਤੇ ਮੌਕੇ 'ਤੇ ਇਕ ਧਮਕੀ ਭਰੀ ਚਿੱਠੀ ਸੁੱਟ ਕੇ ਫਰਾਰ ਹੋ ਗਿਆ। ਇਸ ਸਨਸਨੀਖੇਜ਼ ਵਾਰਦਾਤ ਦੀ ਵੀਡੀਓ ਵੀ ਸਾਹਮਣੇ ਆਈ ਹੈ, ਜਿਸ ਤੋਂ ਬਾਅਦ ਇਲਾਕੇ ਵਿਚ ਤਣਾਅ ਦਾ



ਮਾਹੌਲ ਬਣਿਆ ਹੋਇਆ ਹੈ। ਸੂਚਨਾ ਮਿਲਦੇ ਹੀ ਲੁਧਿਆਣਾ ਦਿਹਾਤੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮਿਲੀ ਜਾਣਕਾਰੀ ਮੁਤਾਬਕ, ਸੋਮਵਾਰ ਦੇਰ ਰਾਤ ਪਿੰਡ ਗਗੜਾ ਸਥਿਤ ਗੁਰਦੁਆਰਾ ਸਾਹਿਬ ਭਗਤ ਧੰਨਾ ਜੀ ਦੇ ਬਾਹਰ ਸੁੰਨਸਾਨ ਸੀ। ਇਸੇ ਦੌਰਾਨ ਇਕ ਨੌਜਵਾਨ ਮੂੰਹ 'ਤੇ ਕੱਪੜਾ ਲਪੇਟ ਕੇ ਗੁਰਦੁਆਰਾ ਸਾਹਿਬ ਦੇ ਗੇਟ ਕੋਲ ਪਹੁੰਚਿਆ। ਉਸ ਨੇ ਆਪਣੀ ਪਿਸਤੌਲ ਕੱਢ ਕੇ ਮੁੱਖ ਗੇਟ ਵੱਲ ਲਗਾਤਾਰ 2 ਫਾਇਰ ਕੀਤੇ। ਗੋਲੀਆਂ ਦੀ ਆਵਾਜ਼ ਸੁਣ ਕੇ ਆਲੇ-ਦੁਆਲੇ ਦੇ ਲੋਕ ਸਹਿਮ ਗਏ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਤੁਰੰਤ ਉੱਥੋਂ ਭੱਜ ਨਿਕਲਿਆ। ਇਹ ਪੂਰੀ ਘਟਨਾ ਨੇੜੇ ਲੱਗੇ ਕੈਮਰੇ ਵਿਚ ਕੈਦ ਹੋ ਗਈ ਹੈ। ਫਾਇਰਿੰਗ ਕਰਨ ਤੋਂ ਬਾਅਦ ਮੁਲਜ਼ਮ ਗੁਰਦੁਆਰਾ ਸਾਹਿਬ ਦੇ ਗੇਟ 'ਤੇ ਇਕ ਚਿੱਠੀ ਸੁੱਟ ਗਿਆ ਸੀ। ਜਦੋਂ ਲੋਕਾਂ ਅਤੇ ਪੁਲਸ ਨੇ ਉਸ ਚਿੱਠੀ ਨੂੰ ਦੇਖਿਆ ਤਾਂ ਉਸ ਵਿਚ ਗੁਰਦੁਆਰਾ ਸਾਹਿਬ ਦੇ ਮੁਖੀ ਬਾਬਾ ਅਮਰਜੀਤ ਸਿੰਘ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਵਰਕਰ ਗੁਰਿੰਦਰ ਸਿੰਘ ਰੂਮੀ ਨੂੰ ਸਿੱਧੀ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਸੀ। ਚਿੱਠੀ ਵਿਚ ਲਿਖੀਆਂ ਧਮਕੀਆਂ ਤੋਂ ਬਾਅਦ ਪਿੰਡ ਵਿਚ ਹੜਕੰਪ ਮੱਚ ਗਿਆ ਹੈ ਅਤੇ ਦੋਵਾਂ ਧਿਰਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਪ੍ਰਗਟਾਈ ਜਾ ਰਹੀ ਹੈ। ਵਾਰਦਾਤ ਦੀ ਸੂਚਨਾ ਮਿਲਦੇ ਹੀ ਲੁਧਿਆਣਾ ਦਿਹਾਤੀ ਪੁਲਸ ਦੀਆਂ ਟੀਮਾਂ ਤੁਰੰਤ ਪਿੰਡ ਗਗੜਾ ਪਹੁੰਚੀਆਂ ਅਤੇ ਘਟਨਾ ਸਥਾਨ ਦਾ ਮੁਆਇਨਾ ਕੀਤਾ। ਪੁਲਸ ਨੇ ਮੌਕੇ ਤੋਂ ਖਾਲੀ ਖੋਲ ਅਤੇ ਧਮਕੀ ਭਰੀ ਚਿੱਠੀ ਨੂੰ ਆਪਣੇ ਕਬਜ਼ੇ ਵਿਚ ਲੈ ਲਿਆ ਹੈ। ਪੁਲਸ ਅਧਿਕਾਰੀ ਪਿੰਡ ਅਤੇ ਆਲੇ-ਦੁਆਲੇ ਦੇ ਮੁੱਖ ਮਾਰਗਾਂ 'ਤੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਬਾਰੀਕੀ ਨਾਲ ਖੰਘਾਲ ਰਹੇ ਹਨ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਮੁਲਜ਼ਮ ਕਿਸ ਰਸਤੇ ਤੋਂ ਆਇਆ ਸੀ ਅਤੇ ਵਾਰਦਾਤ ਤੋਂ ਬਾਅਦ ਕਿਸ ਦਿਸ਼ਾ ਵੱਲ ਫਰਾਰ ਹੋਇਆ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ



ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਪੰਥਕ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਮਿਚ
ਅਰੰਭਤਾ: ੯:੦੦ ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਐਡਵਰਡ ਸਟਰੀਟ, ਵੈਸਟ ਬ੍ਰਮਮਿਚ
੧੧:੦੦ ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:੦੦ ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੌਪਸ ਲੇਨ, ਓਲਡਬਰੀ
੨:੦੦ ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੌਲਜ ਰੋਡ, ਸਮੈਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੈਦਿਕ
੪:੦੦ ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ
AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar

ਜੇਹਾ ਚੀਰੀ ਲਿਖਿਆ ਤੇਹਾ ਹੁਕਮ ਕਮਾਹਿ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

# ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ



# ਸਰਦਾਰਨੀ ਹਰਦੀਪ ਕੌਰ ਜੀ

## ਧਰਮ ਪਤਨੀ ਸ਼ਹੀਦ ਸ: ਜਗੀਰ ਸਿੰਘ ਜੀ

ਮਾਤਾ ਜੀ ਦੇ ਨਿਮਿੱਤ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਅਟਾਰੀ ਸਾਹਿਬ ਸੁਲਤਾਨਵਿੰਡ ਅੰਮ੍ਰਿਤਸਰ ਵਿਖੇ 28 ਅਕਤੂਬਰ 2026 ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 01 ਵਜੇ ਤੱਕ ਹੋਵੇਗੀ। ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

**ਆਪ ਜੀ ਨੇ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।**

ਗੁਰੂ ਦੇ ਭਾਣੇ 'ਚ

**ਭਾਈ ਮੋਹਕਮ ਸਿੰਘ**
(ਦਮਦਮੀ ਟਕਸਾਲ)

ਬੇਟੇ: ਸਵਰਗੀ ਸ. ਮੇਜਰ ਸਿੰਘ ਵਿਰਕ
ਸ. ਨਿਸ਼ਾਨ ਸਿੰਘ ਵਿਰਕ
ਸ. ਕਰਨਜੀਤ ਸਿੰਘ ਵਿਰਕ

ਦਾਮਾਦ: ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ
(ਉਰਫ਼ ਮੁਸੀਬਤ ਸਿੰਘ ਵੈਰੜ)
ਸ. ਮਨਜੀਤ ਸਿੰਘ ਕੋਟਲਾ

ਆਵਾਜ਼ਿ ਕੌਮ AWAZE QAUM International Newspaper & WEB TV

ਸੰਪਰਕ ਨੰਬਰ: +91 97797-50126, +91 99149-07973

## ਨੌਜਵਾਨੀ ਬਚਾਓ , ਪੰਜਾਬ ਬਚਾਓ ਮਹਿਮ ਨੂੰ ਪਿੰਡ ਕਾਲਾਬੂਲਾ ਵਿਖੇ

# ਮਿਲਿਆ ਭਰਵਾਂ ਹੁੰਗਾਰਾ : ਰਟੋਲ/ਜੱਸੀ ਪੇਧਨੀ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਲਾਗਲੇ ਪਿੰਡ ਕਾਲਾਬੂਲਾ ਦੇ ਗੁਰੂ ਘਰ ਵਿਖੇ ਸਰਬੱਤ ਦਾ ਭਲਾ ਮਿਸ਼ਨ (ਪੰਜਾਬ ) ਵੱਲੋਂ ਕਰਵਾਏ ਗਏ ਨੌਜਵਾਨ ਬਚਾਓ , ਪੰਜਾਬ ਬਚਾਓ ਮੁਹਿੰਮ ਦੇ ਕਰਵਾਏ ਗਏ ਚੌਥੇ ਸਮਾਗਮ ਨੂੰ ਭਰਪੂਰ ਹੁੰਗਾਰਾ ਮਿਲਿਆ ਹੈ। ਇਸ ਮੌਕੇ ਬੋਲਦਿਆਂ ਸਰਬੱਤ ਦਾ ਭਲਾ ਮਿਸ਼ਨ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਰਟੋਲ ਨੇ ਦੁੱਖ ਪ੍ਰਗਟ ਕੀਤਾ ਕਿ ਅੱਜ ਪੰਜਾਬ ਦੀ ਨੌਜਵਾਨੀ ਦਾ ਵੱਡਾ ਹਿੱਸਾ ਨਸ਼ਿਆਂ ਦੀ ਦਲਦਲ ਵਿੱਚ ਖੁਭ ਕੇ ਆਪਣੀ ਬੇਸ ਕੀਮਤੀ ਜੀਵਨ ਲੀਲਾ ਸਮਾਪਤ ਕਰਨ ਵੱਲ ਵੱਧ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਪੰਜਾਬ ਦੇ ਲੋਕਾਂ ਨੇ ਇੱਕਮੁੱਠ ਹੋ ਕੇ ਨਸ਼ਿਆਂ ਨੂੰ ਵੇਚਣ ਵਾਲੇ ਮੌਤ ਦੇ ਵਪਾਰੀਆਂ ਨੂੰ ਨੱਥ ਨਾ ਪਾਈ ਤਾਂ ਪੰਜਾਬ ਦੀ ਹੋਂਦ ਨੂੰ ਹੀ ਵੱਡਾ ਖਤਰਾ ਪੈਦਾ ਹੋ ਸਕਦਾ ਹੈ। ਮਿਸ਼ਨ ਦੇ ਆਗੂ ਸੁਖਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੇ ਖਤਰਿਆਂ ਤੋਂ ਜਾਣੂ ਕਰਵਾਕੇ ਅਤੇ ਉਨਾਂ ਨੂੰ ਰੁਜਗਾਰ ਦੇ ਮੌਕੇ ਮੁਹਈਆ ਕਰਵਾ ਕੇ ਹੀ ਇਸ ਭੈੜੀ ਅਲਾਮਤ ਨੂੰ ਨੱਥ ਪਾਈ ਜਾ ਸਕਦੀ ਹੈ। ਸਮਾਗਮ ਦੇ ਅੰਤ ਵਿੱਚ ਸਰਬੱਤ ਦਾ ਭਲਾ ਮਿਸ਼ਨ ਦੇ ਸਰਪ੍ਰਸਤ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ ਫੈਲੀ ਨਸ਼ਿਆਂ ਵਰਗੀ ਭੈੜੀ ਬਿਮਾਰੀ ਤੋਂ ਮੁਕਤੀ ਪਾਉਣ ਲਈ ਇੱਕ ਮੁੱਠ ਹੋ ਕੇ ਸੰਘਰਸ਼ ਕਰਨ ਦੀ ਲੋੜ ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤੀ ਦਿਵਾਉਣ ਲਈ ਗੁਰੂ ਸਾਹਿਬਾਨਾ ਵੱਲੋਂ ਬਖਸ਼ਿਸ਼ "ਗੁਰੂ ਦੀ ਬਾਣੀ" ਵੱਡਾ ਸਹਾਰਾ ਬਣ ਸਕਦੀ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬੱਤ ਦਾ ਭਲਾ ਮਿਸ਼ਨ ਦੇ ਸਲਾਹਕਾਰ ਭਗਵਾਨ ਸਿੰਘ, ਜਰਨੈਲ ਸਿੰਘ ਕਾਲਾਬੂਲਾ, ਮਹਿੰਦਰ ਸਿੰਘ ਭੱਠਲ, ਜਥੇਦਾਰ ਅਵਤਾਰ ਸਿੰਘ , ਗੁਰੂ ਘਰ ਦੇ ਹੈਡ ਗ੍ਰੰਥੀ ਭਾਈ ਪ੍ਰਤਪਾਲ ਸਿੰਘ, ਗੁਰੂ ਘਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਣਧੀਰ ਸਿੰਘ, ਖਜਾਨਚੀ ਸਤਿਗੁਰ ਸਿੰਘ, ਫੌਜੀ ਰਾਮ ਸਿੰਘ, ਫੌਜੀ ਗੁਰਜੰਟ ਸਿੰਘ, ਸਾਬਕਾ ਸਰਪੰਚ ਗੁਰਸੇਵਕ ਸਿੰਘ, ਨਸ਼ਾ ਛੁੜਾਓ ਕਮੇਟੀ ਦੇ ਆਗੂ ਕਰਮਜੀਤ ਸਿੰਘ ਕੰਮਾਂ, ਹਾਕਮ ਸਿੰਘ ,ਰਣਧੀਰ ਸਿੰਘ ਬਿੰਨੜ, ਪ੍ਰੇਮ ਸਿੰਘ ਦੁਕਾਨਦਾਰ ਆਦਿ ਸ਼ਖਸੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਨਸ਼ਿਆਂ ਤੋਂ ਬਚਣ ਲਈ ਨੌਜਵਾਨਾਂ ਨੂੰ ਦਿੱਤੀ , "ਗੁਰੂ ਦੀ ਬਾਣੀ" ਨਾਲ ਜੁੜਨ ਦੀ ਸਲਾਹ**

## *ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਰਣੀਕੇ ਵਿਖੇ

# 144 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਰਣੀਕੇ ਵਿਖੇ 'ਮੇਰਾ ਘਰ, ਮੇਰੇ ਨਾਮ' ਸਕੀਮ ਤਹਿਤ 144 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ। ਇਸ ਉਪਰਾਲੇ ਦਾ ਉਦੇਸ਼ ਯੋਗ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਜਾਇਦਾਦ ਸਬੰਧੀ ਦਸਤਾਵੇਜ਼ੀ ਸੁਰੱਖਿਆ ਮੁਹੱਈਆ ਕਰਵਾਉਣਾ ਹੈ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਘਰ ਹਰ ਪਰਿਵਾਰ ਦੀ ਬੁਨਿਆਦੀ ਲੋੜ ਹੈ ਅਤੇ ਆਪਣੇ ਘਰ ਦੀ ਮਾਲਕੀ ਦਾ ਅਧਿਕਾਰ ਲੋਕਾਂ ਨੂੰ ਸਮਾਜਿਕ ਤੇ ਆਰਥਿਕ ਸੁਰੱਖਿਆ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਲਾਭਪਾਤਰੀਆਂ ਨੂੰ ਆਪਣੇ ਘਰਾਂ ਸਬੰਧੀ ਮਾਲਕੀ ਦੇ ਹੱਕਾਂ ਨੂੰ ਦਸਤਾਵੇਜ਼ੀ ਰੂਪ ਵਿੱਚ ਸੁਰੱਖਿਅਤ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਜਾਇਜ਼ ਹੱਕ ਦਿਵਾਉਣ ਲਈ ਵਚਨਬੱਧ ਹੈ। 'ਮੇਰਾ ਘਰ, ਮੇਰੇ ਨਾਮ' ਸਕੀਮ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਰਾਲਾ ਹੈ, ਜਿਸ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਪ੍ਰਦਾਨ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਗੁਰਪ੍ਰੀਤ ਸਿੰਘ, ਬਲਾਕ ਪ੍ਰਧਾਨ ਸੁਰਜੀਤ ਸਿੰਘ, ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**'ਮੇਰਾ ਘਰ, ਮੇਰੇ ਨਾਮ' ਸਕੀਮ ਤਹਿਤ ਲੋਕਾਂ ਨੂੰ ਘਰਾਂ ਦੇ ਮਾਲਕੀ ਹੱਕ ਦੇਣ ਦੀ ਦਿਸ਼ਾ ਵਿੱਚ ਅਹਿਮ ਉਪਰਾਲਾ**

## ਨਨਕਾਣਾ ਸਾਹਿਬ ਯੂਨੀਵਰਸਿਟੀ ਨੂੰ ਕੌਮਾਂਤਰੀ ਪੱਧਰ 'ਤੇ ਮਜ਼ਬੂਤੀ ਦੀ ਉਮੀਦ

# ਪਰਮਜੀਤ ਸਿੰਘ ਸਰਨਾ ਦੀ ਨਿਯੁਕਤੀ 'ਤੇ ਦਿੱਲੀ ਅਕਾਲੀ ਦਲ ਵੱਲੋਂ ਖੁਸ਼ੀ ਦਾ ਪ੍ਰਗਟਾਵਾ: ਵੀਰਜੀ



ਨਵੀਂ ਦਿੱਲੀ 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਬਾਬਾ ਗੁਰੂ ਨਾਨਕ ਯੂਨੀਵਰਸਿਟੀ, ਸ੍ਰੀ ਨਨਕਾਣਾ ਸਾਹਿਬ ਦੇ ਕੌਮਾਂਤਰੀ ਸਲਾਹਕਾਰ ਬੋਰਡ ਵਿੱਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਦੀ ਸ਼ਮੂਲੀਅਤ 'ਤੇ ਦਿੱਲੀ ਅਕਾਲੀ ਦਲ ਨੇ ਖੁਸ਼ੀ ਪ੍ਰਗਟ ਕਰਦਿਆਂ ਇਸ ਨੂੰ ਮਾਣ ਵਾਲਾ ਪਲ ਕਰਾਰ ਦਿੱਤਾ ਹੈ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਪਾਰਟੀ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਵਿਸ਼ਵ ਦੇ ਵੱਖ-ਵੱਖ ਹਿੱਸਿਆਂ ਤੋਂ ਚੁਣੀਆਂ ਗਈਆਂ ਪ੍ਰਮੁੱਖ ਸ਼ਖਸੀਅਤਾਂ ਵਾਲੇ ਇਸ ਬੋਰਡ ਵਿੱਚ ਸਰਨਾ ਦਾ ਨਾਮ ਸਭ ਤੋਂ ਪਹਿਲਾਂ ਦਰਜ ਹੋਣਾ ਉਨ੍ਹਾਂ ਦੀ ਕੌਮਾਂਤਰੀ ਪਛਾਣ ਅਤੇ ਤਜਰਬੇ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਦੀ ਇਤਿਹਾਸਕ ਧਰਤੀ 'ਤੇ ਸਥਾਪਿਤ ਇਹ ਯੂਨੀਵਰਸਿਟੀ ਸਿੱਖ ਕੌਮ ਦੀ ਮਹੱਤਵਪੂਰਨ ਵਿਰਾਸਤ ਹੈ ਅਤੇ ਇਸ ਨੂੰ ਵਿਸ਼ਵ ਪੱਧਰ 'ਤੇ ਵਿਕਸਤ ਕਰਨ ਲਈ ਅੰਤਰਰਾਸ਼ਟਰੀ ਯੂਨੀਵਰਸਿਟੀਆਂ, ਖੋਜ ਸੰਸਥਾਵਾਂ ਅਤੇ ਵਿਦਵਾਨਾਂ ਨਾਲ ਮਜ਼ਬੂਤ ਸਾਂਝ ਬਣਾਉਣੀ ਜ਼ਰੂਰੀ ਹੈ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਆਸ ਪ੍ਰਗਟਾਈ ਕਿ ਸਰਨਾ ਆਪਣੇ ਲੰਮੇ ਤਜਰਬੇ ਅਤੇ ਕੌਮਾਂਤਰੀ ਸੰਪਰਕਾਂ ਰਾਹੀਂ ਯੂਨੀਵਰਸਿਟੀ ਦੇ ਅਕਾਦਮਿਕ ਵਿਕਾਸ, ਖੋਜ ਕਾਰਜਾਂ, ਵਿਦਿਆਰਥੀਆਂ ਲਈ ਨਵੇਂ ਮੌਕਿਆਂ, ਸਕਾਲਰਸ਼ਿਪਾਂ ਅਤੇ ਵਿਦੇਸ਼ੀ ਸੰਸਥਾਵਾਂ ਨਾਲ ਭਾਈਵਾਲੀਆਂ ਨੂੰ ਅੱਗੇ ਵਧਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ। ਉਨ੍ਹਾਂ ਕਿਹਾ ਕਿ ਕੌਮਾਂਤਰੀ ਸਲਾਹਕਾਰ ਬੋਰਡ ਵਿੱਚ ਸਰਨਾ ਜੀ ਦੀ ਨਿਯੁਕਤੀ ਦਿੱਲੀ ਦੀ ਸਿੱਖ ਸੰਗਤ ਸਮੇਤ ਸਮੁੱਚੇ ਸਿੱਖ ਭਾਈਚਾਰੇ ਲਈ ਮਾਣ ਵਾਲੀ ਗੱਲ ਹੈ। ਦਿੱਲੀ ਅਕਾਲੀ ਦਲ ਦੀ ਸਮੂਹ ਕਾਰਜਕਾਰਨੀ ਵੱਲੋਂ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਯੂਨੀਵਰਸਿਟੀ ਦੀ ਤਰੱਕੀ ਅਤੇ ਉਨ੍ਹਾਂ ਦੀ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਮਾਨਯੋਗ ਪੰਜ ਪਿਆਰੇ ਸਾਹਿਬਾਨ ਦੇ ਅਗਵਾਈ ਹੇਠ 'ਹਰ ਘਰ ਗੁਰਮਤ' ਬਾਰੇ ਇਕੱਤਰਤਾ



**ਚੌਕ ਮਹਿਤਾ, 27 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਦੇ ਮਾਨਯੋਗ ਪੰਜ ਪਿਆਰੇ ਸਾਹਿਬਾਨ ਦੇ ਸਰਪ੍ਰਸਤੀ ਹੇਠ ਅਤੇ ਮਾਨਯੋਗ ਪ੍ਰਸ਼ਾਸਕ ਸਾਹਿਬ ਡਾ.ਸ੍ਰ. ਵਿਜੇ ਸਤਬੀਰ ਸਿੰਘ ਜੀ - ਪ੍ਰਸ਼ਾਸਕ ਇਨਾਂ ਦੇ ਮਾਰਗਦਰਸ਼ਨ ਵਿੱਚ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ੀਆਂ ਤੋਂ ਦੂਰ ਕਰਵਾਉਣ ਲਈ 'ਹਰ ਘਰ ਗੁਰਮਤ' ਇਸ ਮਿਸ਼ਨ ਨੂੰ ਚਲਾਇਆ ਜਾ ਰਿਹਾ ਹੈ ਤਾਂਕਿ ਨੌਜਵਾਨ ਪੀੜ੍ਹੀ ਵਿੱਚ ਸੇਵਾ, ਸਿਮਰਨ ਅਤੇ ਚੰਗੇ ਸੰਸਕਾਰ ਰੁਝਾਉਣ ਲਈ ਇਹ ਅਹਿਮ ਉਪਰਾਲਾ ਕੀਤਾ ਗਿਆ ਹੈ। ਜਿਸਦੀ ਸ਼ੁਰੂਆਤ ਪੰਜਾਬ ਦੇ ਬਟਾਲਾ ਸ਼ਹਿਰ ਤੋਂ ਹੋਈ ਹੈ। ਇਸ ਨਸ਼ੇ ਦੇ ਗੰਭੀਰ ਪ੍ਰਸ਼ਨ ਨੂੰ ਸਿਰੇ ਚੜ੍ਹਾਉਣ ਲਈ ਮਾਨਯੋਗ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਇਨਾਂ ਦੇ ਅਗਵਾਈ ਹੇਠ ਜੱਥੇਦਾਰ ਸਾਹਿਬ ਜੀ ਦੇ ਨਿਵਾਸ ਅਸਥਾਨ 'ਦਿਉਡੀ' ਤੇ ਇਕ ਇਕੱਤਰਤਾ ਰਖੀ ਗਈ ਸੀ। ਜਿਸ ਵਿੱਚ ਪੰਥ ਦੇ ਰਤਨ ਸਮੂੰਹ ਪੰਜ ਪਿਆਰੇ ਸਾਹਿਬਾਨ, ਸੰਤ-ਮਹਾਂਪੁਰਸ਼, ਦਲ-ਪੰਥ ਦੇ ਮੱਖੀ ਹਾਜ਼ਰ ਸਨ ਜਿਸ ਵਿੱਚ ਮਾਨਯੋਗ ਸਿੰਘ ਸਾਹਿਬ ਭਾਈ ਰਾਮ ਸਿੰਘ - ਮੀਤ ਜੱਥੇਦਾਰ, ਮਾਨਯੋਗ ਸਿੰਘ ਸਾਹਿਬ ਭਾਈ ਸਰਬਜੀਤ ਸਿੰਘ - ਹੈਡ ਗ੍ਰੰਥੀ, ਮਾਨਯੋਗ ਸਿੰਘ ਸਾਹਿਬ ਭਾਈ ਗੁਰਮੀਤ ਸਿੰਘ - ਮੀਤ ਗ੍ਰੰਥੀ, ਮਾਨਯੋਗ ਸਿੰਘ ਸਾਹਿਬ ਭਾਈ ਗੁਰਦੀਪ ਸਿੰਘ - ਧੂਪੀਆ, ਮਾਨਯੋਗ ਬਾਬਾ ਬਲਬੀਰ ਸਿੰਘ ਜੀ -ਜੱਥੇਦਾਰ - ਬੁੱਢਾ ਦਲ 96ਵੇਂ ਕਰੋੜੀ, ਮਾਨਯੋਗ ਬਾਬਾ ਅਵਤਾਰ ਸਿੰਘ ਜੀ - ਦਲ ਬਾਬਾ ਬਿੱਧੀ ਚੰਦ ਜੀ, ਮਾਨਯੋਗ ਬਾਬਾ ਗੁਰਦੇਵ ਸਿੰਘ ਜੀ - ਤਰਨਾ ਦਲ, ਮਾਨਯੋਗ ਬਾਬਾ ਜੋਗਾ ਸਿੰਘ ਜੀ - ਤਰਨਾ ਦਲ, ਮਾਨਯੋਗ ਬਾਬਾ ਮੇਜਰ ਸਿੰਘ ਜੀ ਸੋਢੀ - ਮਿਸ਼ਲ ਤਰਨਾ ਦਲ, ਮਾਨਯੋਗ ਬਾਬਾ ਹਰੀ ਸਿੰਘ ਜੀ - ਮਿਸ਼ਲ ਤਰਨਾ ਦਲ, ਮਾਨਯੋਗ ਬਾਬਾ ਜੋਗਿੰਦਰ ਸਿੰਘ ਜੀ ਰਕਬੇ ਵਾਲੇ, ਮਾਨਯੋਗ ਬਾਬਾ ਕੇਹਰ ਸਿੰਘ ਜੀ - ਮੱਡੀਆਂ ਵਾਲੇ, ਮਾਨਯੋਗ ਬਾਬਾ ਜੋਗਾ ਸਿੰਘ ਜੀ - ਕਰਨਾਲ ਵਾਲੇ, ਮਾਨਯੋਗ ਬਾਬਾ ਮੇਹਰ ਸਿੰਘ ਜੀ - ਨਬਿਆਬਾਦ ਵਾਲੇ, ਮਾਨਯੋਗ ਭਾਈ ਸੁਖਪਾਲ ਸਿੰਘ ਜੀ - ਭੈਰੋ ਮਾਜਰਾ ਵਾਲੇ, ਮਾਨਯੋਗ ਭਾਈ ਸਰਬਜੀਤ ਸਿੰਘ ਜੀ ਭੱਲਾ - ਫਤਿਹਗੜ੍ਹ ਸਾਹਿਬ, ਮਾਨਯੋਗ ਬਾਬਾ ਪਰਮਜੀਤ ਸਿੰਘ ਜੀ - ਮਹਿਲਪੁਰ ਵਾਲੇ, ਮਾਨਯੋਗ ਸੰਤ ਬਾਬਾ ਨਰਿੰਦਰ ਸਿੰਘ ਜੀ - ਗੁਰਦੁਆਰਾ ਲੰਗਰ ਸਾਹਿਬ, ਨਾਂਦੇੜ, ਮਾਨਯੋਗ ਸੰਤ ਬਾਬਾ ਬਲਵਿੰਦਰ ਸਿੰਘ ਜੀ, ਕਾਰ ਸੇਵਾ ਵਾਲੇ, ਨਾਂਦੇੜ, ਮਾਨਯੋਗ ਸੰਤ ਬਾਬਾ ਗੁਰਚਰਨ ਸਿੰਘ ਜੀ - ਭੈਰੋ ਮਾਜਰਾ ਵਾਲੇ, ਮਾਨਯੋਗ ਬਾਬਾ ਕਥਾਕਾਰ, ਮਾਨਯੋਗ ਗਿ. ਤੇਜਬੀਰ ਸਿੰਘ ਭੁਪਿੰਦਰ ਸਿੰਘ ਜੀ - ਸੰਗਤ ਪੁਰਾ, ਮਾਨਯੋਗ ਸੁਖਬੀਰ ਸਿੰਘ ਜੀ ਦਮਦਮੀ ਟਕਸਾਲ ਅਤੇ ਮਾਨਯੋਗ ਪ੍ਰਸ਼ਾਸਕ ਸਾਹਿਬ ਦੇ ਸਲਾਹਕਾਰ ਸ੍ਰ: ਜਸਵੰਤ ਸਿੰਘ ਬੌਬੀ (ਦਿੱਲੀ) ਅਤੇ ਗੁਰਦੁਆਰਾ ਬੋਰਡ ਦੇ ਸੁਪਰਡੈਂਟ - ਸ੍ਰ: ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ - ਸ੍ਰ: ਜੈਮਲ ਸਿੰਘ ਢਿੱਲੋ ਅਤੇ ਸਹਾ. ਸੁਪਰਡੈਂਟ - ਬਲਵਿੰਦਰ ਸਿੰਘ ਫੌਜੀ, ਪੀ.ਏ.- ਸ੍ਰ: ਪਰਵਿੰਦਰ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜਰ ਸਨ। ਇਸ ਇਕੱਤਰਤਾ ਵਿੱਚ ਸਾਰੀਆਂ ਹੀ ਮਹਾਂਪੁਰਖਾਂ ਵੱਲੋਂ ਇਕ ਮੱਤ ਦਰਸ਼ਾਉਂਦੇ ਹੋਏ ਪੰਜਾਬ ਅਤੇ ਹੋਰ ਪ੍ਰਾਂਤਾ ਵਿੱਚ ਕੌਮ ਵਿੱਚ ਵੱਧ ਰਹੇ ਨਸ਼ਿਆਂ ਦੀ ਆਦਤ ਨੂੰ ਮੋੜ ਕੇ ਨੌਜਵਾਨਾਂ ਨੂੰ ਗੁਰੂ ਘਰ ਦੇ ਲੜ ਲਾਉਣ ਲਈ ਅਤੇ ਉਨਾਂ ਵਿੱਚ ਚੰਗੇ ਸੰਸਕਾਰ ਅਤੇ ਨੈਤਿਕਤਾ ਵਧਾਉਣ ਲਈ ਵਿਚਾਰ ਵਟਾਂਦਰਾ ਕੀਤੀ ਗਈ ਗਿਆ ਅਤੇ ਇਸ ਮੁੰਹਿਮ ਨੂੰ ਅੱਗੇ ਵਧਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਾ-ਮੁਕਤ ਕਰਵਾਉਣ, ਚੰਗੇ ਸੰਸਕਾਰਾਂ ਵਾਲਾ ਜੀਵਨ ਜਿਉਣ ਲਈ ਪ੍ਰੇਰਤ ਕਰਨ ਦਾ ਸੰਕਲਪ ਪ੍ਰਗਟਾਇਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕੀ ਨਗਰੀ ਅੰਮ੍ਰਿਤਸਰ ਨੂੰ ਸਾਫ਼, ਹਰਿਆ-ਭਰਿਆ ਅਤੇ ਪ੍ਰਦੂਸ਼ਣ-ਮੁਕਤ ਰੱਖਣ ਦੀ ਅਪੀਲ: ਗੁਰਪੁਰਬ ਅਤੇ ਦੀਵਾਲੀ ਮੌਕੇ ਆਤਸ਼ਬਾਜ਼ੀ ਦੀ ਬਜਾਏ ਲੇਜ਼ਰ ਸ਼ੋਅ ਅਤੇ ਦੀਪਮਾਲਾ ਅਪਨਾਉਣ ਦਾ ਸੱਦਾ :ਇੰਜ ਮਨਜੀਤ ਸਿੰਘ ਸੈਣੀ



**ਚੌਕ ਮਹਿਤਾ,27ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮ ਦਾਸ ਜੀ ਵੱਲੋਂ ਵਸਾਈ ਗਈ ਪਵਿੱਤਰ ਨਗਰੀ ਅੰਮ੍ਰਿਤਸਰ ਸਿਰਫ਼ ਆਸਥਾ ਦਾ ਕੇਂਦਰ ਹੀ ਨਹੀਂ, ਸਗੋਂ ਵਪਾਰ, ਉੱਦਮਤਾ ਅਤੇ ਕੁਦਰਤ ਨਾਲ ਜੁੜੀ ਵਿਰਸੇ ਦੀ ਧਰਤੀ ਹੈ। ਗੁਰੂ ਸਾਹਿਬ ਦਾ ਸੁਪਨਾ ਇਸ ਨਗਰ ਨੂੰ ਇੱਕ ਖੁਸ਼ਹਾਲ, ਹਰੇ-ਭਰੇ ਅਤੇ ਸਰਬੱਤ ਦੇ ਭਲੇ ਵਾਲੇ ਸਮਾਜ ਵਜੋਂ ਸਿਰਜਣ ਦਾ ਸੀ। ਪਰ ਜਦੋਂ ਅਸੀਂ ਵਾਤਾਵਰਣ ਦੇ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਹੇ ਹਾਂ, ਤਾਂ ਇਹ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਅਸੀਂ ਗੁਰੂ ਸਾਹਿਬ ਦੇ ਇਸ ਸੁਪਨੇ ਨੂੰ ਮੁੜ ਸੁਰਜੀਤ ਕਰੀਏ। ਇਤਿਹਾਸਕ ਤੌਰ 'ਤੇ 'ਗੁਰੂ ਕਾ ਬਾਜ਼ਾਰ' ਅਤੇ ਵਪਾਰ ਦੀਆਂ ਉੱਤਮ ਪਰੰਪਰਾਵਾਂ ਦੇ ਨਾਲ-ਨਾਲ ਇਹ ਨਗਰ ਬਾਗਾਂ ਅਤੇ ਹਰੀਆਂ ਭਰੀਆਂ ਥਾਵਾਂ ਲਈ ਜਾਣਿਆ ਜਾਂਦਾ ਸੀ। ਅੱਜ ਸ਼ਹਿਰ ਨੂੰ ਮੁੜ ਤੋਂ ਹਰਿਆ-ਭਰਿਆ ਅਤੇ ਸਾਫ਼-ਸੁਥਰਾ ਬਣਾਉਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਮਿੰਨੀ ਜੰਗਲ ਸਥਾਪਤ ਕਰਨ ਦੀ ਮੁਹਿੰਮ ਨੂੰ ਜਨ ਅੰਦੋਲਨ ਬਣਾਉਣਾ ਪਵੇਗਾ। ਆਉਣ ਵਾਲੇ ਪਵਿੱਤਰ ਗੁਰਪੁਰਬ ਅਤੇ ਦੀਵਾਲੀ ਦੇ ਤਿਉਹਾਰ ਸਾਡੇ ਲਈ ਖੁਸ਼ੀਆਂ ਅਤੇ ਚਾਨਣ ਵੰਡਣ ਦੇ ਦਿਨ ਹਨ। ਪਰ ਇਨ੍ਹਾਂ ਮੌਕਿਆਂ 'ਤੇ ਕੀਤੀ ਜਾਣ ਵਾਲੀ ਭਾਰੀ ਆਤਸ਼ਬਾਜ਼ੀ ਕਾਰਨ ਹਵਾ ਅਤੇ ਆਵਾਜ਼ ਦਾ ਪ੍ਰਦੂਸ਼ਣ ਖ਼ਤਰਨਾਕ ਪੱਧਰ ਤੱਕ ਵਧ ਜਾਂਦਾ ਹੈ। ਜ਼ਿਹਰੀਲਾ ਧੂੰਆਂ ਸਾਡੇ ਬਜ਼ੁਰਗਾਂ, ਬੱਚਿਆਂ ਅਤੇ ਸਾਹ ਦੇ ਮਰੀਜ਼ਾਂ ਦੀ ਸਿਹਤ ਲਈ ਘਾਤਕ ਸਾਬਤ ਹੁੰਦਾ ਹੈ। ਆਤਸ਼ਬਾਜ਼ੀ ਦੀ ਬਜਾਏ ਲੇਜ਼ਰ ਸ਼ੋਅ ਅਤੇ ਰੋਸ਼ਨੀ ਦਾ ਨਵਾਂ ਤਰੀਕਾ:

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਮੱਸਿਆ ਦਾ ਹੱਲ ਕੱਢਦਿਆਂ ਅਸੀਂ ਸਮੂਹ ਸੰਗਤਾਂ ਅਤੇ ਪ੍ਰਸ਼ਾਸਨ ਨੂੰ ਜ਼ੋਰਦਾਰ ਅਪੀਲ ਕਰਦੇ ਹਾਂ ਕਿ:

1. ਭਾਰੀ ਆਤਸ਼ਬਾਜ਼ੀ ਤੋਂ ਗੁਰੇਜ਼ ਕੀਤਾ ਜਾਵੇ: ਗੁਰਪੁਰਬ ਅਤੇ ਦੀਵਾਲੀ ਮੌਕੇ ਪਟਾਕਿਆਂ ਦੀ ਵਰਤੋਂ ਬਿਲਕੁਲ ਬੰਦ ਕੀਤੀ ਜਾਵੇ।

2. ਲੇਜ਼ਰ ਸ਼ੋਅ ਅਤੇ ਪ੍ਰੋਜੈਕਸ਼ਨ ਮੈਪਿੰਗ: ਆਤਸ਼ਬਾਜ਼ੀ ਦੀ ਜਗ੍ਹਾ ਇਤਿਹਾਸਕ ਇਮਾਰਤਾਂ ਅਤੇ ਗੁਰਦੁਆਰਾ ਸਾਹਿਬਾਨਾਂ 'ਤੇ ਆਧੁਨਿਕ ਲੇਜ਼ਰ ਸ਼ੋਅ ਅਤੇ ਰੋਸ਼ਨੀ ਦੇ ਪ੍ਰੋਗਰਾਮ ਕੀਤੇ ਜਾਣ, ਜੋ ਗੁਰੂ ਸਾਹਿਬਾਨ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਬੇਹੱਦ ਸੁੰਦਰ ਢੰਗ ਨਾਲ ਦਰਸਾ ਸਕਣ।

3. ਰਵਾਇਤੀ ਦੀਪਮਾਲਾ: ਘਰਾਂ ਅਤੇ ਬਾਜ਼ਾਰਾਂ ਵਿੱਚ ਸ਼ੁੱਧ ਦੇਸੀ ਘਿਓ ਜਾਂ ਸਰ੍ਹੋਂ ਦੇ ਤੇਲ ਦੇ ਦੀਵੇ ਜਗਾ ਕੇ ਰਵਾਇਤੀ ਅਤੇ ਸ਼ੁੱਧ ਦੀਪਮਾਲਾ ਕੀਤੀ ਜਾਵੇ।

ਅਪੀਲ: ਆਓ, ਆਉਣ ਵਾਲੇ ਗੁਰਪੁਰਬ ਅਤੇ ਦੀਵਾਲੀ ਦੇ ਤਿਉਹਾਰ ਨੂੰ ਵਾਤਾਵਰਣ-ਪੱਖੀ ਤਰੀਕੇ ਨਾਲ ਮਨਾਈਏ। ਪਟਾਕਿਆਂ 'ਤੇ ਖ਼ਰਚ ਹੋਣ ਵਾਲੇ ਪੈਸੇ ਨੂੰ ਪੌਦੇ ਲਗਾਉਣ ਅਤੇ ਲੋੜਵੰਦਾਂ ਦੀ ਭਲਾਈ ਲਈ ਵਰਤੀਏ, ਤਾਂ ਜੋ ਅਸੀਂ ਗੁਰੂ ਕੀ ਨਗਰੀ ਅੰਮ੍ਰਿਤਸਰ ਨੂੰ ਸਾਫ਼, ਸਵੱਛ ਅਤੇ ਹਰਿਆ-ਭਰਿਆ ਰੱਖ ਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਸਿਹਤਮੰਦ ਵਾਤਾਵਰਣ ਤੋਹਫ਼ੇ ਵਜੋਂ ਦੇ ਸਕੀਏ।

ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਅੱਡਾ ਨਾਥ ਦੀ ਖੂਹੀ ਵਿਖੇ ਖੂਨਦਾਨ ਕੈਂਪ ਲਗਾਇਆ



**ਚੌਕ ਮਹਿਤਾ, 27 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਨਕੇ )**-ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਅੱਡਾ ਨਾਥ ਦੀ ਖੂਹੀ ( ਚੰਨਨਕੇ) ਵਿਖੇ ਪੋ, ਸ਼ਿਵਚਰਨ ਸਿੰਘ ਰੰਧਾਵਾ, ਨੰਬਰਦਾਰ ਹਰਪ੍ਰੀਤ ਸਿੰਘ ਰੰਧਾਵਾ, ਮਨਵੀਰ ਸਿੰਘ ਰੰਧਾਵਾ ਅਗਵਾਈ ਹੇਠ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪਵਿੱਤਰ ਪਾਵਨ ਪ੍ਰਕਾਸ਼ ਪੁਰਬ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵੱਲਾ ਸ੍ਰੀ ਅੰਮ੍ਰਿਤਸਰ ਤੋਂ ਡਾਕਟਰ ਬਲਵਿੰਦਰ ਸਿੰਘ ਬੱਲ ਦੀ ਅਗਵਾਈ ਹੇਠ ਸੀਨੀਅਰ ਡਾਕਟਰਾ ਦੀ ਟੀਮ ਵਿਸ਼ੇਸ਼ ਤੌਰ ਤੇ ਪਾਉਚੀ ਇਸ ਮੌਕੇ ਡਾਕਟਰ ਬਲਵਿੰਦਰ ਸਿੰਘ ਬੱਲ ਦੀ ਟੀਮ ਨੂੰ ਪ੍ਰੋ, ਸ਼ਿਵਚਰਨ ਸਿੰਘ ਰੰਧਾਵਾ ਨੰਬਰਦਾਰ ਹਰਪ੍ਰੀਤ ਸਿੰਘ ਰੰਧਾਵਾ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਨੰਬਰਦਾਰ ਸੁਖਜਿੰਦਰ ਸਿੰਘ ਰੰਧਾਵਾ, ਧਰਮਵੀਰ ਸਿੰਘ ਮਾਨ, ਕੁਲਜੀਤ ਸਿੰਘ, ਸੂਬੇਦਾਰ ਵਿਜੇ ਪ੍ਰਤਾਪ ਸਿੰਘ,ਪਰਮਿੰਦਰ ਸਿੰਘ ਫੋਜੀ ਮਨਵੀਰ ਸਿੰਘ ਰੰਧਾਵਾ ਬਾਬਾ ਸੁਖਵੰਤ ਸਿੰਘ ਚੰਨਨਕੇ, ਜਸਵਿੰਦਰ ਸਿੰਘ ਰੰਧਾਵਾ ਆਦਿ ਮਹਾਨ ਸ਼ਖ਼ਸੀਅਤ ਨੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਕਾਂਗਰਸ ਵੱਲੋਂ ਤਲਵੰਡੀ ਸਾਬੋ ਅਤੇ ਰਾਮਾਂ ਮੰਡੀ ਵਿੱਚ ਨਵੀਆਂ ਨਿਯੁਕਤੀਆਂ

# ਮਹਿਲਾ ਮੰਡਲ ਦੀਆਂ ਆਗੂਆਂ ਨੂੰ ਵੀ ਸੌਂਪੇ ਅਹੁਦੇ






**ਤਲਵੰਡੀ ਸਾਬੋ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਅੱਜ ਕਾਂਗਰਸ ਦਫ਼ਤਰ ਤਲਵੰਡੀ ਸਾਬੋ ਵਿਖੇ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ, ਹਲਕਾ ਤਲਵੰਡੀ ਸਾਬੋ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰੀਮਤੀ ਸਿਮਰਨ ਕੌਰ ਧਾਲੀਵਾਲ ਦੀ ਵਿਸ਼ੇਸ਼ ਮੌਜੂਦਗੀ ਵਿੱਚ ਕਾਂਗਰਸ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਇਸ ਦੌਰਾਨ ਹਲਕਾ ਪ੍ਰਧਾਨ ਦੇ ਨਾਲ-ਨਾਲ ਰਾਮਾਂ ਮੰਡੀ ਅਤੇ ਤਲਵੰਡੀ ਸਾਬੋ ਦੇ ਦੋਵੇਂ ਬਲਾਕਾਂ ਦੇ ਪ੍ਰਧਾਨ ਵੀ ਨਿਯੁਕਤ ਕੀਤੇ ਗਏ। ਇਸ ਤੋਂ ਇਲਾਵਾ ਮਹਿਲਾ ਮੰਡਲ ਦੀਆਂ ਮਹਿਲਾਵਾਂ ਨੂੰ ਵੀ ਪਾਰਟੀ ਵਿੱਚ ਵੱਖ-ਵੱਖ ਅਹੁਦਿਆਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਨਵ-ਨਿਯੁਕਤ ਅਹੁਦੇਦਾਰਾਂ ਨੂੰ ਇਸ ਮੌਕੇ ਨਿਯੁਕਤੀ ਪੱਤਰ ਵੀ ਸੌਂਪੇ ਗਏ। ਇਸ ਮੌਕੇ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਨਵੀਆਂ ਨਿਯੁਕਤੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਦੇਣਾ ਅਤੇ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਸੌਂਪਣਾ ਇੱਕ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਨਵੀਆਂ ਨਿਯੁਕਤੀਆਂ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ ਅਤੇ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ। ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਹਰ ਅਹੁਦੇਦਾਰ ਦੀ ਮੁੱਖ ਜ਼ਿੰਮੇਵਾਰੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰੀਮਤੀ ਸਿਮਰਨ ਕੌਰ ਧਾਲੀਵਾਲ ਨੇ ਵੀ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਹ ਪਾਰਟੀ ਵੱਲੋਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਰਾਜਨੀਤੀ ਵਿੱਚ ਸਰਗਰਮ ਭਾਗੀਦਾਰੀ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਸਮਾਗਮ ਦੌਰਾਨ ਨਵ-ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਕਾਂਗਰਸੀ ਵਰਕਰਾਂ ਅਤੇ ਮਹਿਲਾ ਮੰਡਲ ਦੀਆਂ ਆਗੂਆਂ ਵਿੱਚ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।

**ਕਾਂਗਰਸ ਦਫ਼ਤਰ ਤਲਵੰਡੀ ਸਾਬੋ ਵਿਖੇ ਜ਼ਿਲ੍ਹਾ ਪ੍ਰਧਾਨ ਸਿਮਰਨ ਕੌਰ ਧਾਲੀਵਾਲ ਦੀ ਮੌਜੂਦਗੀ ਵਿੱਚ ਨਿਯੁਕਤੀ ਪੱਤਰ**

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਵਿਖੇ ਕਰਵਾਇਆ ਦਸਤਾਰਬੰਦੀ ਮੁਕਾਬਲਾ





**ਤਲਵੰਡੀ ਸਾਬੋ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਡੀਨ ਵਿਦਿਆਰਥੀ ਭਲਾਈ ਦਫ਼ਤਰ ਵੱਲੋਂ ਨੂੰ ਯੂਨੀਵਰਸਿਟੀ ਦੇ ਸੈਮੀਨਾਰ ਹਾਲ ਵਿਖੇ ਇੱਕ ਵਿਸ਼ੇਸ਼ ਦਸਤਾਰਬੰਦੀ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਨੂੰ ਕਰਵਾਉਣ ਦਾ ਮੁੱਖ ਮਨੋਰਥ ਵਿਦਿਆਰਥੀਆਂ ਨੂੰ ਪੰਜਾਬੀ ਵਿਰਸੇ, ਸਿੱਖ ਰਵਾਇਤਾਂ ਅਤੇ ਦਸਤਾਰ ਦੀ ਰੂਹਾਨੀ ਤੇ ਸੱਭਿਆਚਾਰਕ ਅਹਿਮੀਅਤ ਤੋਂ ਜਾਣੂ ਕਰਵਾਉਣਾ ਸੀ। ਇਸ ਦੇ ਨਾਲ ਹੀ ਇਸ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਨੂੰ ਆਪਣੀਆਂ ਪਰੰਪਰਾਗਤ ਕਦਰਾਂ-ਕੀਮਤਾਂ ਨੂੰ ਸੰਭਾਲਣ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਆਪਣੀ ਦਸਤਾਰਬੰਦੀ ਦੀ ਕਲਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਚੰਗਾ ਮੰਚ ਪ੍ਰਦਾਨ ਕਰਨਾ ਸੀ। ਇਸ ਸਮਾਗਮ ਦਾ ਸਫ਼ਲ ਸੰਚਾਲਨ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਜੀਤ ਸਿੰਘ ਅਤੇ ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਸੰਪੂਰਨ ਹੋਇਆ। ਇਸ ਪ੍ਰੋਗਰਾਮ ਵਿੱਚ 90 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚੋਂ 24 ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਹਿੱਸਾ ਲੈ ਕੇ ਆਪਣੀ ਦਸਤਾਰਬੰਦੀ ਦੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੌਰਾਨ ਯੂਨੀਵਰਸਿਟੀ ਦੇ ਮਾਣਯੋਗ ਵਾਈਸ-ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਪਹੁੰਚੇ। ਆਪਣੇ ਸੰਬੋਧਨ ਵਿੱਚ ਪ੍ਰੋ. ਗੁਰਮੇਲ ਸਿੰਘ ਨੇ ਦਸਤਾਰ ਦੀ ਇਤਿਹਾਸਕ ਅਹਿਮੀਅਤ, ਅਣਖ ਅਤੇ ਅੱਜ ਦੇ ਸਮੇਂ ਵਿੱਚ ਇਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਅਮੀਰ ਸੱਭਿਆਚਾਰਕ ਹੋਂਦ ਨਾਲ ਜੁੜੇ ਰਹਿਣ ਲਈ ਵਿਸ਼ੇਸ਼ ਤੌਰ 'ਤੇ ਪ੍ਰੇਰਿਤ ਕੀਤਾ। ਇਸ ਤੋਂ ਪਹਿਲਾਂ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਜੀਤ ਸਿੰਘ ਨੇ ਮਾਣਯੋਗ ਵਾਈਸ-ਚਾਂਸਲਰ ਸਾਹਿਬ ਦਾ ਰਸਮੀ ਸਵਾਗਤ ਕੀਤਾ ਅਤੇ ਸਮਾਗਮ ਵਿੱਚ ਉਨ੍ਹਾਂ ਦੀ ਹਾਜ਼ਰੀ ਲਈ ਧੰਨਵਾਦ ਕੀਤਾ। ਕੜੇ ਮੁਕਾਬਲੇ ਤੋਂ ਬਾਅਦ ਜੇਤੂ ਰਹੇ ਵਿਦਿਆਰਥੀਆਂ ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ ਅਤੇ ਮਾਣਯੋਗ ਵਾਈਸ-ਚਾਂਸਲਰ ਵੱਲੋਂ ਉਨ੍ਹਾਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੁਕਾਬਲੇ ਵਿੱਚ ਗਣਿਤ ਵਿਭਾਗ ਦੇ ਵਿਦਿਆਰਥੀ ਹਰਨੂਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਕਾਮਰਸ ਵਿਭਾਗ ਦੇ ਸੁਪਨਦੀਪ ਸਿੰਘ ਨੇ ਦੂਜਾ ਅਤੇ ਫਿਜ਼ੀਓਥੈਰੇਪੀ ਵਿਭਾਗ ਦੇ ਜਸਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਹ ਇਨਾਮ ਵੰਡ ਸਮਾਰੋਹ ਵਿਦਿਆਰਥੀਆਂ ਦੇ ਹੁਨਰ ਦੀ ਸ਼ਲਾਘਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਉਤਸ਼ਾਹਿਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਬਣਿਆ। ਸਮਾਗਮ ਦੇ ਅੰਤ ਵਿੱਚ ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਨੇ ਧੰਨਵਾਦੀ ਮਤਾ ਪੇਸ਼ ਕੀਤਾ। ਉਨ੍ਹਾਂ ਨੇ ਮਾਣਯੋਗ ਵਾਈਸ-ਚਾਂਸਲਰ, ਪ੍ਰੋਗਰਾਮ ਕੋਆਰਡੀਨੇਟਰ ਅਤੇ ਹਿੱਸਾ ਲੈਣ ਵਾਲੇ ਸਮੂਹ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਸਮਾਗਮ ਸਫ਼ਲਤਾ ਨਾਲ ਨੇਪਰੇ ਚੜ੍ਹਿਆ। ਇਸ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੇ ਨਾ ਕੇਵਲ ਦਸਤਾਰਬੰਦੀ ਦੀ ਕਲਾ ਵਿੱਚ ਆਪਣਾ ਆਤਮ-ਵਿਸ਼ਵਾਸ ਵਧਾਇਆ, ਬਲਕਿ ਸਿੱਖ ਪਰੰਪਰਾਵਾਂ ਅਤੇ ਪੰਜਾਬੀ ਵਿਰਸੇ ਪ੍ਰਤੀ ਸਤਿਕਾਰ ਦੀ ਭਾਵਨਾ ਨੂੰ ਵੀ ਹੋਰ ਦ੍ਰਿੜ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤਾਂ ਨੂੰ ਦਿੱਤੀ ਵਧਾਈ



**ਨਵੀਂ ਦਿੱਲੀ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਹੋਰਾਂ ਨੇ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਦੇਸ਼-ਵਿਦੇਸ਼ ਦੀਆਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਰਾਮਦਾਸ ਸਾਹਿਬ ਜੀ ਨੇ ਸਿੱਖੀ ਦੇ ਸਿਧਾਂਤਾਂ ਨੂੰ ਪ੍ਰਫੁੱਲਿਤ ਕਰਨ, ਗੁਰਮਤਿ ਵਿਚਾਰਧਾਰਾ ਦਾ ਪਸਾਰ ਕਰਨ ਅਤੇ ਮਨੁੱਖਤਾ ਨੂੰ ਅਧਿਆਤਮਕ, ਧਾਰਮਿਕ ਤੇ ਸਮਾਜਿਕ ਜੀਵਨ ਦੀ ਸਹੀ ਸੇਧ ਦੇਣ ਲਈ ਮਹਾਨ ਕਾਰਜ ਕੀਤੇ। ਗੁਰੂ ਸਾਹਿਬ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਨਿਮਰਤਾ, ਸੇਵਾ, ਸਿਮਰਨ ਅਤੇ ਪਰਉਪਕਾਰ ਦੇ ਗੁਣਾਂ ਨੂੰ ਅਪਣਾ ਕੇ ਹੀ ਜੀਵਨ ਨੂੰ ਸਾਰਥਕ ਬਣਾਇਆ ਜਾ ਸਕਦਾ ਹੈ। ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਨਿਸ਼ਕਾਮ ਸੇਵਾ, ਅਥਾਹ ਪ੍ਰੇਮਾ-ਭਗਤੀ, ਨਿਮਰਤਾ, ਸਹਿਣਸ਼ੀਲਤਾ ਅਤੇ ਉੱਚੇ-ਸੁੱਚੇ ਸਦਗੁਣਾਂ ਦਾ ਪ੍ਰਤੀਕ ਹੈ। ਗੁਰੂ ਸਾਹਿਬ ਨੇ ਆਪਣਾ ਸਮੁੱਚਾ ਜੀਵਨ ਗੁਰੂ-ਭਗਤੀ, ਸੇਵਾ ਅਤੇ ਲੋਕਾਈ ਦੀ ਭਲਾਈ ਨੂੰ ਸਮਰਪਿਤ ਕਰਦਿਆਂ ਨਿਸ਼ਕਾਮ ਸੇਵਾ ਦੀ ਅਜਿਹੀ ਅਦੁੱਤੀ ਮਿਸਾਲ ਕਾਇਮ ਕੀਤੀ, ਜੋ ਸਮੁੱਚੀ ਮਾਨਵਤਾ ਲਈ ਸਦੀਵੀ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੇ ਕਿਹਾ ਕਿ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲ ਕੇ ਹੀ ਅਸੀਂ ਗੁਰਮਤਿ ਸਿਧਾਂਤਾਂ ਅਨੁਸਾਰ ਜੀਵਨ ਬਤੀਤ ਕਰਦਿਆਂ ਸਮਾਜ ਅੰਦਰ ਪ੍ਰੇਮ, ਸਦਭਾਵਨਾ, ਸੇਵਾ ਤੇ ਭਾਈਚਾਰਕ ਸਾਂਝ ਦੀਆਂ ਕਦਰਾਂ-ਕੀਮਤਾਂ ਨੂੰ ਹੋਰ ਪ੍ਰਫੁੱਲਿਤ ਕਰ ਸਕਦੇ ਹਾਂ। ਗਿਆਨੀ ਅਮਰਜੀਤ ਸਿੰਘ ਹੋਰਾਂ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਆਪਣੇ ਜੀਵਨ ਅੰਦਰ ਨਿਮਰਤਾ, ਨਿਸ਼ਕਾਮ ਸੇਵਾ, ਨਾਮ ਸਿਮਰਨ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਨੂ ਵੱਲੋਂ ਸਿੱਖ ਫੌਜੀਆਂ ਨੂੰ ਨਮਕਾ ਚੂ ਦੀ ਰਾਖੀ ਛੱਡਣ ਦਾ ਸੱਦਾ

# ਚੀਨ ਨੂੰ ਅਰੁਣਾਚਲ ਪ੍ਰਦੇਸ਼ 'ਤੇ ਕਬਜ਼ਾ ਕਰਨ ਲਈ ਉਕਸਾਇਆ




**ਲੰਡਨ/ਵਸ਼ਿੰਗਟਨ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਰਬਜੀਤ ਸਿੰਘ ਬਨੂੜ- ਪੰਜਾਬ ਦੀ ਆਜ਼ਾਦੀ ਲਈ ਖ਼ਾਲਿਸਤਾਨ ਰੈਫਰੈਂਡਮ ਰਾਹੀਂ ਮੁਹਿੰਮ ਚਲਾ ਰਹੀ ਅਮਰੀਕਾ ਸਥਿਤ ਖ਼ਾਲਿਸਤਾਨ ਪੱਖੀ ਜਥੇਬੰਦੀ ਸਿੱਖਸ ਫਾਰ ਜਸਟਿਸ ਦੇ ਕਾਨੂੰਨੀ ਸਲਾਹਕਾਰ ਗੁਰਪਤਵੰਤ ਸਿੰਘ ਪੰਨੂੰ ਨੇ ਇੱਕ ਵੀਡੀਓ ਸੰਦੇਸ਼ ਰਾਹੀਂ ਭਾਰਤੀ ਫੌਜ ਵਿੱਚ ਸੇਵਾਵਾਂ ਨਿਭਾਅ ਰਹੇ ਸਿੱਖ ਫੌਜੀਆਂ ਨੂੰ ਭਾਰਤ-ਚੀਨ ਸਰਹੱਦ 'ਤੇ ਸਥਿਤ ਨਮਕਾ ਚੂ ਖੇਤਰ ਦੀ ਰਾਖੀ ਛੱਡਣ ਦਾ ਵਿਵਾਦਤ ਸੱਦਾ ਦਿੱਤਾ ਹੈ। ਪੰਨੂ ਨੇ ਚੀਨ ਨੂੰ ਅਰੁਣਾਚਲ ਪ੍ਰਦੇਸ਼ 'ਤੇ ਕਬਜ਼ਾ ਕਰਨ ਲਈ ਵੀ ਉਤਸ਼ਾਹਿਤ ਕੀਤਾ ਹੈ। ਪੰਨੂੰ ਦੇ ਇਸ ਬਿਆਨ ਨਾਲ ਭਾਰਤ ਦੀ ਖੇਤਰੀ ਅਖੰਡਤਾ, ਸਰਹੱਦੀ ਸੁਰੱਖਿਆ ਅਤੇ ਖ਼ਾਲਿਸਤਾਨ ਮੁੱਦੇ ਨੂੰ ਲੈ ਕੇ ਨਵੀਂ ਚਰਚਾ ਛਿੜ ਸਕਦੀ ਹੈ। ਪੰਨੂੰ ਨੇ ਆਪਣੇ ਵੀਡੀਓ ਸੰਦੇਸ਼ ਵਿੱਚ ਵਿਸ਼ੇਸ਼ ਤੌਰ 'ਤੇ ਸਿੱਖ ਰੈਜੀਮੈਂਟ ਦੀ 24ਵੀਂ ਬਟਾਲੀਅਨ ਦੇ ਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ 1 ਨਵੰਬਰ ਤੋਂ 19 ਨਵੰਬਰ ਤੱਕ ਨਮਕਾ ਚੂ ਖੇਤਰ ਦੀ ਰੱਖਿਆ ਕਰਨੀ ਬੰਦ ਕਰ ਦੇਣ। ਉਨ੍ਹਾਂ ਦਾਅਵਾ ਕੀਤਾ ਕਿ ਅਰੁਣਾਚਲ ਪ੍ਰਦੇਸ਼ ਚੀਨ ਦਾ ਇਲਾਕਾ ਹੈ ਅਤੇ ਹੁਣ ਚੀਨ ਲਈ ਇਸ 'ਤੇ ਕਬਜ਼ਾ ਕਰਨ ਦਾ ਸਮਾਂ ਆ ਗਿਆ ਹੈ। ਜ਼ਿਕਰਯੋਗ ਹੈ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਸੂਬਾ ਹੈ, ਜਿਸ 'ਤੇ ਚੀਨ ਆਪਣਾ ਖੇਤਰੀ ਦਾਅਵਾ ਕਰਦਾ ਆ ਰਿਹਾ ਹੈ, ਜਦਕਿ ਭਾਰਤ ਇਸ ਦਾਅਵੇ ਨੂੰ ਰੱਦ ਕਰਦਾ ਹੈ। ਪੰਨੂੰ ਨੇ ਆਪਣੇ ਸੰਦੇਸ਼ ਨੂੰ ਨਵੰਬਰ 1984 ਦੇ ਸਿੱਖ ਕਤਲੇਆਮ ਨਾਲ ਜੋੜਦਿਆਂ ਕਿਹਾ ਕਿ ਭਾਰਤੀ ਫੌਜ ਵਿੱਚ ਸੇਵਾਵਾਂ ਨਿਭਾਅ ਰਹੇ ਸਿੱਖ ਜਵਾਨਾਂ ਨੂੰ ਉਸ ਸਮੇਂ ਦੇ ਘਟਨਾਕ੍ਰਮ ਨੂੰ ਨਹੀਂ ਭੁੱਲਣਾ ਚਾਹੀਦਾ। ਪੰਨੂੰ ਨੇ ਕਿਹਾ ਕਿ ਨਵੰਬਰ 1984 ਦੌਰਾਨ ਸੈਂਕੜੇ ਸਿੱਖ ਫੌਜੀਆਂ ਨੂੰ ਭਾਰਤੀ ਫੌਜ ਦੀ ਵਰਦੀ ਪਹਿਨੇ ਹੋਣ ਦੇ ਬਾਵਜੂਦ ਜਿਊਂਦਿਆਂ ਸਾੜ ਦਿੱਤਾ ਗਿਆ ਸੀ। ਪੰਨੂੰ ਨੇ ਇਨ੍ਹਾਂ ਕਥਿਤ ਕਤਲਾਂ ਦਾ ਬਦਲਾ ਲੈਣ ਦੀ ਗੱਲ ਕਰਦਿਆਂ ਸਿੱਖ ਫੌਜੀਆਂ ਨੂੰ ਆਪਣੀਆਂ ਸਰਹੱਦੀ ਜ਼ਿੰਮੇਵਾਰੀਆਂ ਛੱਡਣ ਲਈ ਕਿਹਾ।

> ☛ ਵੀਡੀਓ ਸੰਦੇਸ਼ ਰਾਹੀਂ ਸਿੱਖ ਰੈਜੀਮੈਂਟ ਦੀ 24ਵੀਂ ਬਟਾਲੀਅਨ ਨੂੰ ਸਿੱਧਾ ਸੰਬੋਧਨ, 1 ਤੋਂ 19 ਨਵੰਬਰ ਤੱਕ ਸਰਹੱਦੀ ਚੌਕੀਆਂ ਛੱਡਣ ਦੀ ਕੀਤੀ ਅਪੀਲ
>
> ☛ 1984 ਦੇ ਸਿੱਖ ਕਤਲੇਆਮ ਦੌਰਾਨ ਵਰਦੀਧਾਰੀ ਸਿੱਖ ਫੌਜੀ ਅਧਿਕਾਰੀਆਂ ਦੇ ਕਤਲਾਂ ਦਾ ਮੁੱਦਾ ਚੁੱਕਿਆ, ਸੱਤ ਅਧਿਕਾਰੀਆਂ ਦੇ ਨਾਂ ਵੀ ਕੀਤੇ ਜਾਰੀ

ਆਵਾਜ਼ਿ ਕੌਮ AWAZE QAUM International Newspaper & WEB TV

ਪੰਨੂੰ ਨੇ ਆਪਣੇ ਬਿਆਨ ਵਿੱਚ ਨਵੰਬਰ 1984 ਦੀ ਹਿੰਸਾ ਦੌਰਾਨ ਮਾਰੇ ਗਏ ਦੱਸੇ ਜਾਂਦੇ ਸੱਤ ਸਿੱਖ ਫੌਜੀ ਅਧਿਕਾਰੀਆਂ ਦੇ ਨਾਂ ਵੀ ਜਾਰੀ ਕੀਤੇ। ਇਨ੍ਹਾਂ ਵਿੱਚ 74 ਆਰਮਰਡ ਰੈਜੀਮੈਂਟ ਦੇ ਲੈਫਟੀਨੈਂਟ ਕਰਨਲ ਏ.ਐੱਸ.ਆਨੰਦ, 150 ਫੀਲਡ ਰੈਜੀਮੈਂਟ ਦੇ ਮੇਜਰ ਸੁਖਵਿੰਦਰ ਸਿੰਘ, 63 ਕੈਵਲਰੀ ਦੇ ਕੈਪਟਨ ਆਈ. ਪੀ. ਐੱਸ. ਬਿੰਦਰਾ, 9 ਅਸਾਮ ਬਟਾਲੀਅਨ ਦੇ ਕੈਪਟਨ ਯੂ. ਪੀ. ਐੱਸ. ਜੱਸਲ, ਆਰਡਨੈਂਸ ਕੋਰ ਦੇ ਕੈਪਟਨ ਪ੍ਰਤਾਪ ਸਿੰਘ, 89 ਆਰਮਰਡ ਰੈਜੀਮੈਂਟ ਦੇ ਲੈਫਟੀਨੈਂਟ ਐੱਸ. ਐੱਸ. ਗਿੱਲ ਅਤੇ ਫਲਾਈਟ ਲੈਫਟੀਨੈਂਟ ਹਰਿੰਦਰ ਸਿੰਘ ਸ਼ਾਮਲ ਹਨ।

ਪੰਨੂੰ ਨੇ 1 ਨਵੰਬਰ ਨੂੰ ਸਿੱਖ ਨਸਲਕੁਸ਼ੀ ਯਾਦਗਾਰੀ ਦਿਹਾੜੇ ਵਜੋਂ ਮਨਾਉਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਨਵੰਬਰ 1984 ਦੌਰਾਨ ਸਿੱਖਾਂ ਨਾਲ ਵਾਪਰੀਆਂ ਘਟਨਾਵਾਂ ਨੂੰ ਇਨਸਾਫ਼ ਦੀ ਮੰਗ ਨਾਲ ਜੋੜ ਕੇ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਇਸੇ ਮੁੱਦੇ ਨੂੰ ਆਧਾਰ ਬਣਾ ਕੇ ਸਿੱਖ ਫੌਜੀਆਂ ਨੂੰ ਭਾਰਤੀ ਫੌਜ ਪ੍ਰਤੀ ਆਪਣੀ ਵਫ਼ਾਦਾਰੀ ਬਾਰੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ।

ਜ਼ਿਕਰਯੋਗ ਹੈ ਕਿ ਸਿੱਖਸ ਫਾਰ ਜਸਟਿਸ ਭਾਰਤ ਵਿੱਚ ਪਾਬੰਦੀਸ਼ੁਦਾ ਜਥੇਬੰਦੀ ਹੈ ਅਤੇ ਖ਼ਾਲਿਸਤਾਨ ਦੀ ਮੰਗ ਨੂੰ ਲੈ ਕੇ ਵਿਦੇਸ਼ਾਂ ਵਿੱਚ ਰੈਫਰੈਂਡਮ ਮੁਹਿੰਮ ਚਲਾ ਰਹੀ ਹੈ। ਪੰਨੂੰ ਇਸ ਤੋਂ ਪਹਿਲਾਂ ਅਕਤੂਬਰ 2024 ਵਿੱਚ ਵੀ ਚੀਨ ਨੂੰ ਅਰੁਣਾਚਲ ਪ੍ਰਦੇਸ਼ 'ਤੇ ਕਬਜ਼ਾ ਕਰਨ ਲਈ ਕਹਿ ਚੁੱਕੇ ਹੈ।

ਪੰਨੂੰ ਦੇ ਸਿੱਧੇ ਤੌਰ 'ਤੇ ਭਾਰਤੀ ਫੌਜ ਦੇ ਸਿੱਖ ਜਵਾਨਾਂ ਨੂੰ ਸੰਬੋਧਨ ਕਰਨ ਅਤੇ ਚੀਨ ਦੇ ਹੱਕ ਵਿੱਚ ਦਿੱਤੇ ਬਿਆਨ ਕਾਰਨ ਇਹ ਮਾਮਲਾ ਸੰਵੇਦਨਸ਼ੀਲ ਬਣ ਗਿਆ ਹੈ। ਪੰਨੂੰ ਦੇ ਇਸ ਬਿਆਨ ਬਾਰੇ ਭਾਰਤੀ ਫੌਜ ਜਾਂ ਭਾਰਤ ਸਰਕਾਰ ਦੀ ਕੋਈ ਤਸਦੀਕਸ਼ੁਦਾ ਪ੍ਰਤੀਕਿਰਿਆ ਵੀ ਅਜੇ ਸਾਹਮਣੇ ਨਹੀਂ ਆਈ ਹੈ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ

## ਅਜਿਹੇ ਧਾਰਮਿਕ ਸਮਾਗਮਾਂ ਦਾ ਅਸਲ ਮਕਸਦ ਕੇਵਲ ਗੁਰਪੁਰਬ ਮਨਾਉਣਾ ਹੀ ਨਹੀਂ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ, ਸੱਭਿਆਚਾਰ ਅਤੇ ਗੁਰੂ ਸਾਹਿਬਾਨ ਦੀਆਂ ਮਹਾਨ ਸਿੱਖਿਆਵਾਂ ਨਾਲ ਜੋੜਨਾ ਪ੍ਰਿੰਸੀਪਲ ਅਮਰਪ੍ਰੀਤ ਕੌਰ



**ਜੰਡਿਆਲਾ ਗੁਰੂ, 27 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਨੂੰ ਸਮਰਪਿਤ ਸਕੂਲ ਵਿੱਚ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੰਗਤ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਗਏ ਉਪਰੰਤ ਵਿਦਿਆਰਥੀਆਂ ਵੱਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਨਾਲ ਸਾਰਾ ਮਾਹੌਲ ਗੁਰਬਾਣੀ ਦੇ ਰੰਗ ਵਿੱਚ ਰੰਗਿਆ ਗਿਆ। ਉਪਰੰਤ ਵਿਦਿਆਰਥੀਆਂ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਨਾਲ ਸੰਬੰਧਿਤ ਕਵਿਤਾ, ਅਤੇ ਆਪਣੀਆਂ ਰਚਨਾਵਾਂ ਰਾਹੀਂ ਗੁਰੂ ਸਾਹਿਬ ਜੀ ਦੇ ਜੀਵਨ, ਉਨ੍ਹਾਂ ਦੀ ਨਿਮਰਤਾ, ਸੇਵਾ ਭਾਵਨਾ, ਪਰਉਪਕਾਰ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੀਆਂ ਸਿੱਖਿਆਵਾਂ ਨੂੰ ਬੜੇ ਸੁੰਦਰ ਢੰਗ ਨਾਲ ਪੇਸ਼ ਕੀਤਾ।। ਇਸ ਮੌਕੇ ਸਕੂਲ ਦੇ ਸਾਰੇ ਬੱਚਿਆਂ ਨੇ ਆਪਣੇ ਘਰ ਤੋਂ ਮਿੱਸੇ ਪ੍ਰਸ਼ਾਦੇ ਲਿਆਉਣ ਦੀ ਸੇਵਾ ਕੀਤੀ ਤਾਂ ਕਿ ਹਰ ਕਿਸੇ ਦੀ ਹਾਜਰੀ ਗੁਰੂ ਦੇ ਲੰਗਰਾਂ ਅਤੇ ਗੁਰੂ ਦੇ ਚਰਨਾਂ ਵਿੱਚ ਲੱਗ ਸਕੇ।।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਸਮੁੱਚਾ ਜੀਵਨ ਸਾਨੂੰ ਨਿਮਰਤਾ, ਸੱਚਾਈ, ਸੇਵਾ, ਸਿਮਰਨ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਵੱਲੋਂ ਵਸਾਇਆ ਗਿਆ ਪਵਿੱਤਰ ਨਗਰ ਸ੍ਰੀ ਅੰਮ੍ਰਿਤਸਰ ਸਾਹਿਬ ਅੱਜ ਸਮੁੱਚੀ ਮਨੁੱਖਤਾ ਲਈ ਸ਼ਰਧਾ, ਪ੍ਰੇਮ ਅਤੇ ਅਧਿਆਤਮਿਕਤਾ ਦਾ ਮਹਾਨ ਕੇਂਦਰ ਹੈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮਾਂ ਦਾ ਅਸਲ ਮਕਸਦ ਕੇਵਲ ਗੁਰਪੁਰਬ ਮਨਾਉਣਾ ਹੀ ਨਹੀਂ, ਸਗੋਂ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ, ਸੱਭਿਆਚਾਰ ਅਤੇ ਗੁਰੂ ਸਾਹਿਬਾਨ ਦੀਆਂ ਮਹਾਨ ਸਿੱਖਿਆਵਾਂ ਨਾਲ ਜੋੜਨਾ ਵੀ ਹੈ। ਸਮਾਗਮ ਦੌਰਾਨ ਵਿਦਿਆਰਥੀਆਂ ਦੀਆਂ ਧਾਰਮਿਕ ਪੇਸ਼ਕਾਰੀਆਂ ਨੇ ਸਾਰਿਆਂ ਦੇ ਮਨਾਂ ਨੂੰ ਗੁਰੂ ਚਰਨਾਂ ਨਾਲ ਜੋੜਦਿਆਂ ਇੱਕ ਅਲੌਕਿਕ ਅਤੇ ਰੂਹਾਨੀ ਮਾਹੌਲ ਸਿਰਜ ਦਿੱਤਾ ਅੰਤ ਵਿੱਚ ਸਮੂਹ ਸਕੂਲ ਪਰਿਵਾਰ ਵੱਲੋਂ ਸਰਬੱਤ ਦੇ ਭਲੇ, ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਅਤੇ ਸਮਾਜ ਵਿੱਚ ਅਮਨ-ਸ਼ਾਂਤੀ ਤੇ ਆਪਸੀ ਸਦਭਾਵਨਾ ਲਈ ਅਰਦਾਸ ਕੀਤੀ ਗਈ।। ਉਪਰੰਤ ਸਰਬੱਤ ਸੰਗਤ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਬਠਿੰਡਾ ਪੁਲਿਸ ਦੀ ਮੁਸ਼ਤੈਦੀ ਦੀ ਮਿਸਾਲ

# ਇੱਕੋ ਦਿਨ ਚਾਰ ਵੱਖ-ਵੱਖ ਮਾਮਲਿਆਂ 'ਚ ਤੁਰੰਤ ਕਾਰਵਾਈ

**ਬਠਿੰਡਾ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ, ਸ਼ੱਕੀ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਐਮਰਜੈਂਸੀ ਹਾਲਾਤਾਂ ਵਿੱਚ ਤੁਰੰਤ ਸਹਾਇਤਾ ਮੁਹੱਈਆ ਕਰਵਾਉਣ ਲਈ ਬਠਿੰਡਾ ਪੁਲਿਸ ਲਗਾਤਾਰ ਯਤਨਸ਼ੀਲ ਹੈ। ਇਸੇ ਤਹਿਤ 26 ਅਕਤੂਬਰ ਨੂੰ ਬਠਿੰਡਾ ਪੁਲਿਸ ਦੀਆਂ ਵੱਖ-ਵੱਖ ਟੀਮਾਂ ਵੱਲੋਂ ਇੱਕੋ ਦਿਨ ਵਿੱਚ ਚਾਰ ਵੱਖ-ਵੱਖ ਮਾਮਲਿਆਂ ਵਿੱਚ ਤੁਰੰਤ ਕਾਰਵਾਈ ਕਰਦਿਆਂ ਆਪਣੀ ਮੁਸਤੈਦੀ, ਜ਼ਿੰਮੇਵਾਰੀ ਅਤੇ ਲੋਕ ਸੇਵਾ ਪ੍ਰਤੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਗਿਆ। ਪੁਲਿਸ ਵੱਲੋਂ ਜਿੱਥੇ ਸ਼ੱਕੀ ਵਿਅਕਤੀਆਂ ਦੀ ਜਾਂਚ ਕਰਕੇ ਅਗਲੀ ਕਾਨੂੰਨੀ ਕਾਰਵਾਈ ਲਈ ਸਬੰਧਤ ਥਾਣਿਆਂ ਦੇ ਹਵਾਲੇ ਕੀਤਾ ਗਿਆ, ਉੱਥੇ ਹੀ ਐਮਰਜੈਂਸੀ ਸੂਚਨਾ ਮਿਲਣ 'ਤੇ ਤੁਰੰਤ ਮੌਕੇ 'ਤੇ ਪਹੁੰਚ ਕੇ ਇੱਕ ਮਹਿਲਾ ਦੀ ਜਾਨ ਬਚਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਗਈ।

> ਸ਼ੱਕੀ ਵਿਅਕਤੀਆਂ ਦੀ ਜਾਂਚ ਤੋਂ ਲੈ ਕੇ ਨਹਿਰ ਵਿੱਚ ਡਿੱਗੀ ਮਹਿਲਾ ਨੂੰ ਸੁਰੱਖਿਅਤ ਬਚਾਉਣ ਤੱਕ ਪੁਲਿਸ ਨੇ ਨਿਭਾਈ ਜ਼ਿੰਮੇਵਾਰੀ

ਆਵਾਜ਼ਿ ਕੌਮ AWAZE QAUM International Newspaper & WEB TV

**ਰੇਲਵੇ ਕੁਆਰਟਰਾਂ ਵਿੱਚ ਚੈਕਿੰਗ ਦੌਰਾਨ ਸੱਤ ਸ਼ੱਕੀ ਵਿਅਕਤੀ ਰਾਊਂਡ ਅੱਪ :** ਪਹਿਲੇ ਮਾਮਲੇ ਵਿੱਚ ਥਾਣਾ ਕੈਨਾਲ ਕਲੋਨੀ ਦੀ ਪੀ.ਸੀ.ਆਰ. ਟੀਮ ਵੱਲੋਂ ਰੇਲਵੇ ਕੁਆਰਟਰਾਂ ਅਤੇ ਖੰਡਰ ਇਮਾਰਤਾਂ ਵਿੱਚ ਸ਼ੱਕੀ ਗਤੀਵਿਧੀਆਂ ਦੀ ਜਾਂਚ ਲਈ ਚੈਕਿੰਗ ਕੀਤੀ ਜਾ ਰਹੀ ਸੀ। ਇਸ ਦੌਰਾਨ ਸੱਤ ਵਿਅਕਤੀ ਸ਼ੱਕੀ ਹਾਲਤ ਵਿੱਚ ਬੈਠੇ ਮਿਲੇ। ਪੁਲਿਸ ਵੱਲੋਂ ਉਨ੍ਹਾਂ ਦੀ ਮੁੱਢਲੀ ਜਾਂਚ-ਪੜਤਾਲ ਕਰਨ ਉਪਰੰਤ ਰਾਊਂਡ ਅੱਪ ਕਰਕੇ ਅਗਲੀ ਕਾਰਵਾਈ ਲਈ ਥਾਣਾ ਕੈਨਾਲ ਕਲੋਨੀ ਦੇ ਹਵਾਲੇ ਕਰ ਦਿੱਤਾ ਗਿਆ।

**112 'ਤੇ ਸੂਚਨਾ ਮਿਲਦਿਆਂ ਹੀ ਪਹੁੰਚੀ ਪੀ.ਸੀ.ਆਰ. ਟੀਮ, ਕਾਰ ਵਿੱਚੋਂ ਮਿਲੇ ਚਾਂਦੀ ਦੇ ਦੋ ਕੜੇ :** ਦੂਜੇ ਮਾਮਲੇ ਵਿੱਚ ਗੁਰੂ ਹਰਗੋਬਿੰਦ ਸਾਹਿਬ ਹਸਪਤਾਲ ਦੇ ਨੇੜੇ ਇੱਕ ਨਾਗਰਿਕ ਵੱਲੋਂ ਐਮਰਜੈਂਸੀ ਨੰਬਰ 112 'ਤੇ ਸੂਚਨਾ ਦਿੱਤੀ ਗਈ ਕਿ ਇੱਕ ਵਿਅਕਤੀ ਉਸ ਦੀ ਕਾਰ ਵਿੱਚ ਬੈਠ ਕੇ ਕਾਰ ਨਾਲ ਛੇੜਛਾੜ ਕਰ ਰਿਹਾ ਹੈ। ਸੂਚਨਾ ਮਿਲਦਿਆਂ ਹੀ ਪੀ.ਸੀ.ਆਰ. ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਉਕਤ ਵਿਅਕਤੀ ਨੂੰ ਕਾਬੂ ਕਰਕੇ ਉਸ ਦੀ ਜਾਂਚ ਕੀਤੀ। ਜਾਂਚ ਦੌਰਾਨ ਉਸ ਪਾਸੋਂ ਚਾਂਦੀ ਦੇ ਦੋ ਕੜੇ ਬਰਾਮਦ ਹੋਏ। ਪੁਲਿਸ ਵੱਲੋਂ ਵਿਅਕਤੀ ਨੂੰ ਕੜਿਆਂ ਸਮੇਤ ਅਗਲੀ ਕਾਰਵਾਈ ਲਈ ਥਾਣਾ ਸਿਵਲ ਲਾਈਨ ਦੇ ਹਵਾਲੇ ਕਰ ਦਿੱਤਾ ਗਿਆ।



**ਮੋਟਰਸਾਈਕਲ 'ਤੇ ਲੱਗਿਆ ਰਜਿਸਟ੍ਰੇਸ਼ਨ ਨੰਬਰ ਇੰਡੀਕਾ ਕਾਰ ਦਾ ਨਿਕਲਿਆ :** ਤੀਜੇ ਮਾਮਲੇ ਵਿੱਚ ਈਕੋ-03 ਦੀ ਪੀ.ਸੀ.ਆਰ. ਟੀਮ ਵੱਲੋਂ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਨਾਕਾਬੰਦੀ ਕੀਤੀ ਗਈ ਸੀ। ਇਸ ਦੌਰਾਨ ਇੱਕ ਮੋਟਰਸਾਈਕਲ ਸਵਾਰ ਨੂੰ ਰੋਕ ਕੇ ਵਾਹਨ ਦੀ ਜਾਂਚ ਕੀਤੀ ਗਈ। ਵਾਹਨ ਐਪ ਰਾਹੀਂ ਪੜਤਾਲ ਕਰਨ 'ਤੇ ਸਾਹਮਣੇ ਆਇਆ ਕਿ ਮੋਟਰਸਾਈਕਲ 'ਤੇ ਲੱਗਿਆ ਰਜਿਸਟ੍ਰੇਸ਼ਨ ਨੰਬਰ ਇੱਕ ਇੰਡੀਕਾ ਕਾਰ ਨਾਲ ਸਬੰਧਤ ਹੈ। ਇਸ ਸਬੰਧੀ ਸ਼ੱਕ ਦੇ ਆਧਾਰ 'ਤੇ ਪੁਲਿਸ ਵੱਲੋਂ ਵਿਅਕਤੀ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਅਗਲੀ ਕਾਨੂੰਨੀ ਕਾਰਵਾਈ ਲਈ ਥਾਣਾ ਥਰਮਲ, ਬਠਿੰਡਾ ਦੇ ਹਵਾਲੇ ਕਰ ਦਿੱਤਾ ਗਿਆ।

**ਪੀ.ਸੀ.ਆਰ. ਦੀ ਮੁਸਤੈਦੀ ਅਤੇ ਲੋਕਾਂ ਦੇ ਸਹਿਯੋਗ ਨਾਲ ਮਹਿਲਾ ਨੂੰ ਨਹਿਰ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ :** ਚੌਥੇ ਮਾਮਲੇ ਵਿੱਚ ਜੋਗਾਨੰਦ ਨਹਿਰ ਪੁਲ ਨੇੜੇ ਇੱਕ ਮਹਿਲਾ ਦੇ ਨਹਿਰ ਵਿੱਚ ਡਿੱਗਣ ਸਬੰਧੀ ਸੂਚਨਾ ਮਿਲਣ 'ਤੇ ਪੀ.ਸੀ.ਆਰ. ਕਰਮਚਾਰੀ ਤੁਰੰਤ ਮੌਕੇ 'ਤੇ ਪਹੁੰਚੇ। ਪੁਲਿਸ ਕਰਮਚਾਰੀਆਂ ਨੇ ਆਮ ਲੋਕਾਂ ਦੇ ਸਹਿਯੋਗ ਨਾਲ ਮਹਿਲਾ ਨੂੰ ਨਹਿਰ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਅਤੇ ਉਸ ਨੂੰ ਸਹੀ-ਸਲਾਮਤ ਹਾਲਤ ਵਿੱਚ ਉਸ ਦੇ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ। ਮਹਿਲਾ ਦੀ ਨਿੱਜਤਾ ਨੂੰ ਧਿਆਨ ਵਿੱਚ ਰੱਖਦਿਆਂ ਪੁਲਿਸ ਵੱਲੋਂ ਉਸ ਦੀ ਪਛਾਣ ਅਤੇ ਨਿੱਜੀ ਵੇਰਵੇ ਸਾਂਝੇ ਨਹੀਂ ਕੀਤੇ ਜਾ ਰਹੇ। ਇੱਕੋ ਦਿਨ ਵਿੱਚ ਕੀਤੀਆਂ ਇਨ੍ਹਾਂ ਚਾਰ ਕਾਰਵਾਈਆਂ ਰਾਹੀਂ ਬਠਿੰਡਾ ਪੁਲਿਸ ਨੇ ਇਹ ਦਰਸਾਇਆ ਹੈ ਕਿ ਪੁਲਿਸ ਪ੍ਰਸ਼ਾਸਨ ਲੋਕਾਂ ਦੀ ਸੁਰੱਖਿਆ, ਸ਼ੱਕੀ ਗਤੀਵਿਧੀਆਂ ਦੀ ਜਾਂਚ ਅਤੇ ਐਮਰਜੈਂਸੀ ਹਾਲਾਤਾਂ ਵਿੱਚ ਤੁਰੰਤ ਸਹਾਇਤਾ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪੁਲਿਸ ਦੀ ਮੁਸਤੈਦੀ ਅਤੇ ਆਮ ਲੋਕਾਂ ਦੇ ਸਹਿਯੋਗ ਨਾਲ ਜਿੱਥੇ ਸ਼ੱਕੀ ਵਿਅਕਤੀਆਂ ਵਿਰੁੱਧ ਕਾਰਵਾਈ ਕੀਤੀ ਗਈ, ਉੱਥੇ ਹੀ ਇੱਕ ਮਹਿਲਾ ਨੂੰ ਸੁਰੱਖਿਅਤ ਬਚਾਉਣ ਵਿੱਚ ਵੀ ਸਫਲਤਾ ਹਾਸਲ ਹੋਈ। ਬਠਿੰਡਾ ਪੁਲਿਸ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਆਲੇ-ਦੁਆਲੇ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਐਮਰਜੈਂਸੀ ਹਾਲਾਤਾਂ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਅਤੇ ਪੁਲਿਸ ਪ੍ਰਸ਼ਾਸਨ ਨਾਲ ਸਹਿਯੋਗ ਕਰਦਿਆਂ ਸੁਰੱਖਿਅਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ।

## ਧੰਨ ਧੰਨ ਸ੍ਰੀ ਗੁਰੂ ਰਾਮਦਾਸ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ "ਮਹਾਨ ਗੁਰਪੁਰਬ ਸਮਾਗਮ" ਗੁਰਦੁਆਰਾ ਸਿੰਘ ਸਭਾ ਘੱਗਾ ਪਟਿਆਲਾ ਵਿਖੇ ਆਯੋਜਿਤ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ "ਮਹਾਨ ਗੁਰਪੁਰਬ ਸਮਾਗਮ" ਗੁਰਦੁਆਰਾ ਸਿੰਘ ਸਭਾ ਘੱਗਾ ਪਟਿਆਲਾ ਵਿਖੇ ਅੱਜ 27 ਅਕਤੂਬਰ 2026 ਨੂੰ ਕੀਤੇ ਗਏ। ਜਿਸ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ। ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਅਤੇ ਸਿੰਘ ਸਾਹਿਬ ਗਿ: ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ ਨੇ ਕਥਾ ਕੀਰਤਨ ਕੀਤਾ।ਬਾਬਾ ਦਲਜੀਤ ਸਿੰਘ ਬਰਾਸ,ਬਾਬਾ ਜੀਵਨ ਸਿੰਘ ਚੁਨਾਗਰਾ,ਬੀਬੀ ਪ੍ਰਨੀਤ ਕੌਰ ਸਾਬਕਾ ਮੈਂਬਰ ਪਾਰਲੀਮੈਂਟ ਪਟਿਆਲਾ ਅਤੇ ਕਰਮ ਸਿੰਘ ਡੀਟੀਓ ਸਮੇਤ ਵੱਡੀ ਗਿਣਤੀ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ। ਪ੍ਰਬੰਧਕ ਬਾਬਾ ਸੁਖਵਿੰਦਰ ਸਿੰਘ ਘੱਗੇ ਵਾਲੇ,ਪ੍ਰਧਾਨ ਕਰਮਵੀਰ ਸਿੰਘ,ਬਾਬਾ ਸੁਰਜੀਤ ਸਿੰਘ ਵੱਲੋਂ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸਿੰਘ ਸਭਾ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ

# ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਜੰਡਿਆਲਾ ਗੁਰੂ 27 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਗੁਰਦੁਆਰਾ ਸਿੰਘ ਸਭਾ ਬਾਜ਼ਾਰ ਕਸ਼ਮੀਰੀਆਂ ਵਿਖੇ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਐਤਵਾਰ ਤੋਂ ਆਰੰਭ ਕੀਤੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 9 ਵਜੇ ਪਾਏ ਗਏ । ਉਪਰੰਤ ਧਾਰਮਿਕ ਸਮਾਗਮ ਕਰਵਾਇਆ ਗਿਆ । ਸਮਾਗਮ ਦੌਰਾਨ ਭਾਈ ਜਸਕਰਨ ਸਿੰਘ, ਬੀਬੀ ਹਰਸਿਮਰਨ ਕੌਰ ਅਤੇ ਭਾਈ ਮਨਜਿੰਦਰ ਸਿੰਘ ਦੇ ਕੀਰਤਨੀ ਜਥਿਆਂ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਕੀਰਤਨ ਦੌਰਾਨ ਗੁਰਬਾਣੀ ਦੇ ਰਸਭਿੰਨੇ ਸ਼ਬਦਾਂ ਨਾਲ ਗੁਰਦੁਆਰਾ ਸਾਹਿਬ ਦਾ ਮਾਹੌਲ ਅਧਿਆਤਮਿਕ ਰੰਗ ਵਿੱਚ ਰੰਗਿਆ ਗਿਆ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਦੀਪ ਸਿੰਘ ਮਲਹੋਤਰਾ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ, ਸਿੱਖ ਧਰਮ ਵਿੱਚ ਉਨ੍ਹਾਂ ਦੇ ਮਹਾਨ ਯੋਗਦਾਨ ਅਤੇ ਮਨੁੱਖਤਾ ਨੂੰ ਦਿੱਤੀਆਂ ਸਿੱਖਿਆਵਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਨਿਮਰਤਾ, ਸੇਵਾ, ਸਿਮਰਨ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਦਾ ਪ੍ਰਤੀਕ ਹੈ। ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਮਨੁੱਖਤਾ ਦੀ ਸੇਵਾ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿਣਾ ਚਾਹੀਦਾ ਹੈ। ਸਮਾਗਮ ਦੀ ਸਮਾਪਤੀ ਉਪਰੰਤ ਸੰਗਤਾਂ ਵਿੱਚ ਗੁਰੂ ਕਾ ਲੰਗਰ ਪੂੜੀ, ਛੋਲੇ , ਕੜਾਹ, ਲੱਡੂ, ਬਰਫੀ ਆਦਿ ਅਤੁੱਟ ਵਰਤਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਤਾਪ ਸਿੰਘ ਮਲਹੋਤਰਾ, ਕੌਂਸਲਰ ਰਣਧੀਰ ਸਿੰਘ ਮਲਹੋਤਰਾ ਸਾਬਕਾ ਮੀਤ ਪ੍ਰਧਾਨ, ਸੋਹੰਗ ਸਿੰਘ, ਹਰਦੇਵ ਸਿੰਘ , ਐਡਵੋਕੇਟ ਬਿਕਰਮ ਸਿੰਘ ਮਲਹੋਤਰਾ, ਪਰਮਦੀਪ ਸਿੰਘ ਹੈਰੀ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਅਰਵਿੰਦਰ ਸਿੰਘ ਮਿੱਟੂ, ਨਵਜੋਤ ਸਿੰਘ, ਹਰਸਿਮਰਨ ਸਿੰਘ, ਪ੍ਰਭਜੋਤ ਸਿੰਘ, ਲੱਕੀ ਮਲਹੋਤਰਾ, ਮਨਜਿੰਦਰ ਸਿੰਘ ਆਨੰਦ, ਅਮਰੀਕ ਸਿੰਘ ਅੰਕੁਸ਼, ਜਗਜੀਤ ਸਿੰਘ, ਅਮਨਦੀਪ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਮਨੁੱਖਤਾ ਦੀ ਸੇਵਾ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿਣਾ ਚਾਹੀਦਾ-ਭਾਈ ਦੀਪ ਸਿੰਘ ਮਲਹੋਤਰਾ**

### ਨਿਕਸ਼ੇ ਮਿੱਤਰਾ ਅਧੀਨ

# ਟੀ.ਬੀ ਦੇ ਮਰੀਜਾਂ ਨੂੰ ਵੰਡੀਆਂ ਪੌਸ਼ਿਟਕ ਕਿੱਟਾਂ



ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :— ਨਿਕਸ਼ੇ ਮਿੱਤਰਾ ਅਧੀਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਡਾ: ਚੇਤਨ ਕੱਕੜ ਜ਼ਿਲ੍ਹਾ ਟੀ.ਬੀ ਅਫਸਰ ਦੀ ਨਿਗਰਾਨੀ ਹੇਠ ਟੀ.ਬੀ ਦੇ ਮਰੀਜਾਂ ਨੂੰ ਵੰਡੀਆਂ ਕਿੱਟਾਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਿਵਲ ਸਰਜਨ ਡਾ: ਪਰਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਏ.ਡਬਲਯੂ.ਐਲ ਐਗਰੀ ਬਿਜਨੈਸ ਲਿਮਟਿਡ ਸਾਈਆਂ ਵਾਲਾ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਪਿਛਲੇ ਮਹੀਨੇ ਗੋਦ ਲਏ ਗਏ 70 ਟੀ.ਬੀ ਦੇ ਲੋੜਵੰਦ ਮਰੀਜਾਂ ਨੂੰ ਅੱਜ ਦੂਸਰੀ ਵਾਰ 70 ਕਿੱਟਾਂ ਮੁਹਇਆ ਕਰਵਾਈਆਂ ਗਈਆਂ। ਇਸ ਮੌਕੇ ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਸ੍ਰੀ ਸਮੀਰ ਪੰਟਾ ਐਚ.ਆਰ ਹੈਡ ਅਤੇ ਸ੍ਰੀ ਅਸ਼ਵਨੀ ਭਾਰਦਵਾਜ ਡਿਪਟੀ ਮੈਨੇਜਰ ਲੇਖਾਕਾਰ ਦੀ ਦੇਖ—ਰੇਖ ਹੇਠ ਅੱਜ ਟੀ.ਬੀ ਦੇ ਲੋੜਵੰਦ 34 ਮਰੀਜਾਂ ਨੂੰ ਪੌਸ਼ਿਟਕ ਅਹਾਰ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਡਾ: ਚੇਤਨ ਕੱਕੜ ਜ਼ਿਲ੍ਹਾ ਟੀ.ਬੀ ਅਫਸਰ ਅਤੇ ਰਾਜ ਕੁਮਾਰ ਫਾਰਮੇਸੀ ਅਫਸਰ ਨੇ ਮਰੀਜਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਟੀ.ਬੀ ਦੀ ਬਿਮਾਰੀ ਤੋਂ ਸਮੇਂ—ਸਮੇਂ ਸਿਰ ਚੈਕਅਪ, ਟੈਸਟ ਅਤੇ ਦਵਾਈਆਂ ਦੇ ਨਾਲ—ਨਾਲ ਪੌਸਟਿਕ ਅਹਾਰ ਅਤੇ ਕੁਝ ਸਾਵਧਾਨੀਆਂ ਵਰਤ ਕੇ ਪੂਰੀ ਤਰ੍ਹਾਂ ਸਿਹਤਮੰਦ ਹੋ ਸਕਦੇ ਹਾਂ ਅਤੇ ਇਸ ਨੂੰ ਫੈਲਣ ਤੋਂ ਰੋਕਿਆ ਜਾ ਸਕਦਾ ਹੈ। ਇਸ ਸਾਰੇ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਰੇਸ਼ ਕੁਮਾਰ ਫਾਰਮੇਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਯੂ, ਕਮਲਜੀਤ ਸਿੰਘ ਐਸ.ਟੀ.ਐਸ, ਅਰੁਨ ਐਮ.ਐਲ.ਟੀ, ਹਰਮਿੰਦਰ ਸਿੰਘ ਟੀ.ਬੀ.ਐਚ.ਯੂ, ਸਿਮਰਨਜੀਤ ਸਿੰਘ ਐਮ.ਐਲ.ਟੀ, ਵੀਰਪਾਲ ਕੌਰ ਐਸ.ਐਨ ਅਤੇ ਬੰਦਨਾ ਐਸ.ਐਨ ਦਾ ਵਿਸ਼ੇਸ਼ ਯੋਗਦਾਨ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਰਜਿ: ਵਡਾਲੀ ਡੋਗਰਾਂ ਵੱਲੋਂ ਧਾਰਮਿਕ ਸ਼ਖਸ਼ੀਅਤ ਸੁੱਖਨੰਦਨ ਸਿੰਘ ਨੂੰ ਸਨਮਾਨਿਤ ਕੀਤਾ ਗਿਆ-ਭਾਈ ਸਾਹਿਬ ਸਿੰਘ ਸੰਧੂ

**ਸਿੱਖੀ ਦੇ ਪ੍ਰਚਾਰ -ਪਸਾਰ, ਸਥਾਨਕ ਗੁਰਦੁਆਰਾ ਸਾਹਿਬ ਵਿਖੇ ਨਿਸ਼ਕਾਮ ਨਿੱਤਨੇਮ ਦੀਆਂ ਸੇਵਾਵਾਂ ਧਾਰਮਿਕ ਤੇ ਸਮਾਜਿਕ ਸੇਵਾਵਾਂ 'ਚ ਭਾਈ ਮੈਹਣੀਆਂ ਵਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਜਾਂਦਾ**



**ਜੰਡਿਆਲਾ ਗੁਰੂ 27 ਅਕਤੂਬਰ ( ਕੁਲਵੰਤ ਸਿੰਘ ਵਿਰਦੀ )** -ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਵਡਾਲੀ ਡੋਗਰਾਂ ਵਲੋਂ ਗ੍ਰੰਥੀ ਸਿੰਘਾਂ, ਸਿੱਖ ਪ੍ਰਚਾਰਕਾਂ,ਅਤੇ ਸਿੱਖ ਉਘੀਆਂ ਸ਼ਖਸ਼ੀਅਤਾਂ ਦੇ ਸਮੇਂ -ਸਮੇਂ ਕੀਤੇ ਜਾਂਦੇ ਸਨਮਾਨ ਕਾਫ਼ਲੇ ਨੂੰ ਨਿਰੰਤਰ ਅੱਗੇ ਤੋਰਦਿਆਂ ਹੋਇਆਂ ਸੋਸਾਇਟੀ ਦੇ ਮੁੱਖ ਸੇਵਾਦਰ ਭਾਈ ਸਾਹਿਬ ਸਿੰਘ ਸੰਧੂ ਵਡਾਲੀ ਡੋਗਰਾਂ ਵਲੋਂ ਆਪਣੇ ਸਹਿਯੋਗੀਆਂ ਭਾਈ ਸੰਦੀਪ ਸਿੰਘ ਮੌਜੀ ਵਡਾਲੀ ਡੋਗਰਾਂ, ਸਲਾਹਕਾਰ ਭਾਈ ਬਲਜੀਤ ਸਿੰਘ ਬਿੱਲਾ ਡਾ.ਰਸੂਲਪੁਰ ਕਲਾਂ, ਜਸਪਾਲ ਸਿੰਘ ਨਵਾਂ ਪਿੰਡ, ਹਰਿੰਦਰ ਸਿੰਘ ਲਾਲੀ ਛਾਪਾ ਰਾਮ ਸਿੰਘ, ਮਨਜਿੰਦਰ ਸਿੰਘ ਅਤੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਵਡਾਲੀ ਆਦਿ ਨਾਲ ਉਘੇ ਸਮਾਜ ਸੇਵੀ ਪੂਰਨ ਗੁਰਸਿੱਖ ਭਾਈ ਸੁੱਖਨੰਦਨ ਸਿੰਘ ਮੈਹਣੀਆਂ ਤੇ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਜਿੰਨ੍ਹਾਂ 'ਚ ਉਨ੍ਹਾਂ ਧਰਮ ਸਪਤਨੀ ਤੇ ਸਪੁੱਤਰੀ ਨੂੰ ਸਨਮਾਨਿਤ ਕੀਤਾ ਗਿਆ ।ਜਿਕਰਯੋਗ ਹੈ ਕਿ ਭਾਈ ਮੈਹਣੀਆਂ ਵਲੋਂ ਸਿੱਖੀ ਦੇ ਪ੍ਰਚਾਰ -ਪਸਾਰ, ਸਥਾਨਕ ਗੁਰਦੁਆਰਾ ਸਾਹਿਬ ਵਿਖੇ ਨਿਸ਼ਕਾਮ ਨਿੱਤਨੇਮ ਦੀਆਂ ਸੇਵਾਵਾਂ ਦੇ ਨਾਲ-ਨਾਲ ਲੋਕ ਹੱਕਾਂ ਦੀ ਰਾਖੀ ਅਤੇ ਧਾਰਮਿਕ ਤੇ ਸਮਾਜਿਕ ਕਾਰਜ਼ਾਂ 'ਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਂਦਾ ਹੈ। ਇਸ ਮੌਕੇ ਭਾਈ ਮੈਹਣੀਆਂ ਨੇ ਮਿਲੇ ਸਨਮਾਨ ਲਈ ਭਾਈ ਸਾਹਿਬ ਸਿੰਘ ਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੋਸਾਇਟੀ ਤੋਂ ਮਾਨ -ਸਨਮਾਨ ਮਿਲਣਾ ਉਨ੍ਹਾਂ ਤੇ ਉਨ੍ਹਾਂ ਦੇ ਪਰਿਵਾਰ ਲਈ ਬੜੇ ਮਾਨ ਵਾਲੀ ਗੱਲ,ਜਿਸਦੇ ਲਈ ਉਹ ਸੋਸਾਇਟੀ ਦੇ ਸਦਾ ਰਿਣੀ ਰਹਿਣਗੇ ਹਨ ।ਇਸ ਸਨਮਾਨ ਨਾਲ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਹੋਰ ਵੀ ਵੱਧ ਗਈਆਂ ਹਨ ।ਉਹ ਸੋਸਾਇਟੀ ਨੂੰ ਵਿਸ਼ਵਾਸ਼ ਦਿਵਾਉਂਦੇ ਹਨ ਕਿ ਉਹ ਤੇ ਉਨ੍ਹਾਂ ਦਾ ਪਰਿਵਾਰ ਸਮਾਜ ਸੇਵਾਵਾਂ ਹੋਰ ਵੀ ਉਸਾਰੂ ਤੇ ਸੁੱਚਾਰੂ ਢੰਗ ਨਾਲ ਕਰੇਗਾ ।ਇਸ ਮੌਕੇ ਮਨਜੀਤ ਸਿੰਘ ਕਹਿਣੀ, ਸੁਖਜੀਤ ਸਿੰਘ ਸਾਬਕਾ ਸਰਪੰਚ ਮੈਹਣੀਆਂ, ਭਾਈ ਦਵਿੰਦਰ ਸਿੰਘ ਰੰਧਾਵਾ ਗ੍ਰੰਥੀ ਸਿੰਘ ਗੁ.ਬੋਹੜੀ ਸਾਹਿਬ ਡੱਡੂਆਣਾ, ਨਰਿੰਦਰ ਸਿੰਘ ਤੇ ਹੰਸਾ ਸਿੰਘ ਫੌਜ਼ੀ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜੰਡਿਆਲਾ ਪ੍ਰੈਸ ਕਲੱਬ ਰਜਿ: ਵੱਲੋਂ ਪੱਤਰਕਾਰਾਂ ਦੀਆਂ ਹੱਕੀ ਮੰਗਾਂ ਸੰਬੰਧੀ ਮੀਟਿੰਗ ਹੋਈ

**ਪੱਤਰਕਾਰ ਦਿਨ-ਰਾਤ ਮਿਹਨਤ ਕਰਕੇ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਕੰਮ ਕਰਦੇ ਹਨ, ਪਰ ਸਰਕਾਰ ਵੱਲੋਂ ਪੱਤਰਕਾਰਾਂ ਨੂੰ ਕੋਈ ਸਹੂਲਤ ਨਹੀਂ ਦਿੱਤੀ ਜਾ ਰਹੀ ਵਰਿੰਦਰ ਸਿੰਘ ਮਲਹੋਤਰਾ**



ਜੰਡਿਆਲਾ ਗੁਰੂ 26 ਅਕਤੂਬਰ :( ਪੱਤਰ ਪ੍ਰੇਰਕ ) – ਸਥਾਨਕ ਉਲਾਈਵ ਹੋਟਲ ਵਿਖੇ ਜੰਡਿਆਲਾ ਪ੍ਰੈਸ ਕਲੱਬ (ਰਜਿ) ਦੀ ਮਹੱਤਵਪੂਰਨ ਮੀਟਿੰਗ ਚੇਅਰਮੈਨ ਸੁਨੀਲ ਦੇਵਗਨ ਪੀਟੀਸੀ ਵਾਲੇ ਦੀ ਰਹਿਨੁਮਾਈ ਹੇਠ ਹੋਈ। ਜਿਸ ਵਿੱਚ ਕਲੱਬ ਦੇ ਸਾਰੇ ਮੈਂਬਰ ਹਾਜ਼ਰ ਸਨ। ਇਸ ਮੌਕੇ ਚੇਅਰਮੈਨ ਸੁਨੀਲ ਦੇਵਗਨ ਨੇ ਕਿਹਾ ਕਿ ਪੱਤਰਕਾਰੀ ਇੱਕ ਬਹੁਤ ਹੀ ਜ਼ਿੰਮੇਵਾਰੀ ਭਰਿਆ ਕੰਮ ਹੈ। ਅੱਜ ਦੇ ਦੌਰ 'ਚ ਨਿਰਪੱਖ ਅਤੇ ਨਿਡਰ ਪੱਤਰਕਾਰੀ ਦੀ ਬਹੁਤ ਲੋੜ ਹੈ। ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਬਿਨਾਂ ਕਿਸੇ ਦਬਾਅ ਤੋਂ ਉਜਾਗਰ ਕਰੀਏ ਅਤੇ ਸੱਚ ਨੂੰ ਸੱਚ ਕਹੀਏ। ਪ੍ਰੈਸ ਕਲੱਬ ਹਮੇਸ਼ਾ ਪੱਤਰਕਾਰਾਂ ਦੇ ਹੱਕਾਂ ਲਈ ਪਹਿਲਾਂ ਵੀ ਖੜ੍ਹਾ ਰਿਹਾ ਸੀ ਅਤੇ ਅੱਗੇ ਵੀ ਹਮੇਸ਼ਾ ਖੜਾ ਰਹੇਗਾ । ਇਸਤੋਂ ਇਲਾਵਾ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦਾ ਹੈ। ਸਾਡੀ ਕਲਮ ਦੀ ਤਾਕਤ ਨਾਲ ਹੀ ਸਮਾਜ 'ਚ ਬਦਲਾਅ ਆਉਂਦਾ ਹੈ। ਸਾਰੇ ਪੱਤਰਕਾਰ ਸਾਥੀਆਂ ਨੂੰ ਚਾਹੀਦਾ ਹੈ ਕਿ ਉਹ ਇੱਕਜੁੱਟ ਹੋਕੇ ਕੰਮ ਕਰਨ ਅਤੇ ਪੱਤਰਕਾਰੀ ਦੇ ਮਾਣ-ਸਨਮਾਨ ਨੂੰ ਬਰਕਰਾਰ ਰੱਖਣ। ਮਲਹੋਤਰਾ ਨੇ ਕਿਹਾ ਕਿ ਪੱਤਰਕਾਰ ਦਿਨ-ਰਾਤ ਮਿਹਨਤ ਕਰਕੇ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਕੰਮ ਕਰਦਾ ਹੈ, ਪਰ ਸਰਕਾਰ ਵੱਲੋਂ ਪੱਤਰਕਾਰਾਂ ਨੂੰ ਕੋਈ ਸਹੂਲਤ ਨਹੀਂ ਦਿੱਤੀ ਜਾ ਰਹੀ। ਪੱਤਰਕਾਰਾਂ ਅਤੇ ਉਨ੍ਹਾਂ ਦੇ ਪਰਿਵਾਰ ਲਈ ਸਿਹਤ ਬੀਮਾ ਅਤੇ ਐਕਸੀਡੈਂਟ ਬੀਮਾ ਲਾਗੂ ਕੀਤਾ ਜਾਵੇ। ਪੱਤਰਕਾਰਾਂ 'ਤੇ ਹੋ ਰਹੇ ਝੂਠੇ ਪਰਚਿਆਂ 'ਤੇ ਰੋਕ ਲਾਈ ਜਾਵੇ ਅਤੇ ਸੁਰੱਖਿਆ ਯਕੀਨੀ ਬਣਾਈ ਜਾਵੇ । ਇਸ ਮੌਕੇ ਸਮੂਹ ਕਲੱਬ ਮੈਂਬਰਾਂ ਨੂੰ ਪ੍ਰੈਸ ਕਲੱਬ ਦੇ ਸ਼ਨਾਖ਼ਤੀ ਕਾਰਡ ਵੀ ਵੰਡੇ ਗਏ । ਮੀਟਿੰਗ ਦੌਰਾਨ ਕੁਲਵੰਤ ਸਿੰਘ ਵਿਰਦੀ ਸੀਨੀਅਰ ਮੀਤ ਪ੍ਰਧਾਨ , ਹਰਿੰਦਰਪਾਲ ਸਿੰਘ ਮੀਤ ਪ੍ਰਧਾਨ, ਪ੍ਰਦੀਪ ਜੈਨ ਜਨਰਲ ਸੈਕਟਰੀ, ਮੁਨੀਸ਼ ਸ਼ਰਮਾ , ਸਚਿਨ ਸ਼ਰਮਾ ਅੰਮ੍ਰਿਤਸਰ, ਵਰੁਣ ਸੋਨੀ ਜੋਇੰਟ ਸੈਕਟਰੀ, ਨਰਿੰਦਰ ਸੂਰੀ ਪ੍ਰੈਸ ਸਕੱਤਰ, ਰਕੇਸ਼ ਕੁਮਾਰ ਸੂਰੀ,ਪਿੰਕੂ ਆਨੰਦ, ਸੋਨੂ ਮਿਗਲਾਨੀ, ਸੁਖਦੇਵ ਸਿੰਘ ਟਾਂਗਰਾ, ਗੁਰਦੇਵ ਸਿੰਘ ਮੱਲੀ, ਇੰਦਰਜੀਤ ਮਹਿਤਾ ਖਜਾਨਚੀ, ਕਵਲਜੀਤ ਸਿੰਘ ਜੋਧਾਨਗਰੀ ਮੁੱਖ ਬੁਲਾਰਾ ਆਦਿ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ

# ਗੁਰਦੁਆਰਾ ਨਾਨਕਸਰ ਸਾਹਿਬ ਜੀ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ









ਜੰਡਿਆਲਾ ਗੁਰੂ 27 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਡਿਠੇ ਸਭੇ ਥਾਵ ਨਹੀ ਤੁਧੁ ਜੇਹਿਆ ਚੌਥੇ ਗੁਰੂ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਦੇਸ ਵਿਦੇਸ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਸਮੂਹ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਗੁਰਦੁਆਰਾ ਨਾਨਕਸਰ ਸਾਹਿਬ ਜੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ ਜੀ ਤੋਂ ਆਰੰਭ ਹੋ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕਲੋਨੀ,ਸਰਾਂ ਰੋਡ, ਜੋਤੀਸਰ ਸਾਹਿਬ ਬਿਜਲੀ ਘਰ ਰੋਡ ,ਬਾਬਾ ਇੰਦਰ ਸਿੰਘ ਪੋਟੀਆਂ ਵਲਿਆਂ ਦੀ ਦੁਕਾਨ,ਲੋਕਲ ਬੱਸ ਸਟੈਂਡ, ਸ਼ਹੀਦ ਉਧਮ ਸਿੰਘ ਚੌਂਕ , ਗੁਰਦੁਆਰਾ ਬਾਬਾ ਹੰਦਾਲ ਜੀ,ਮੋਰੀ ਗੇਟ ਗੁਰਦੁਆਰਾ ਸ਼ਾਮ ਸਿੰਘ ਜੀ ,ਸੇਖਫਤਾ ਦਰਵਾਜ਼ਾ ,ਗੁਰਦੁਆਰਾ ਸੁਖਮਨੀ ਸਾਹਿਬ ਵੈਰੋਵਾਲ ਰੋਡ,ਆਦਿ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਜੈਕਾਰਿਆਂ ਦੀ ਗੂੰਜ ਨਾਲ ਸਮਾਪਤ ਹੋਇਆ ! ਨਗਰ ਕੀਰਤਨ ਦੀ ਰਵਾਨਗੀ ਮੌਕੇ ਰਸਤੇ ਵਿੱਚ ਵੱਖ-ਵੱਖ ਪੜਾਵਾਂ ਤੇ ਸਤਿਕਾਰ ਕਰਨ ਵਾਲੀਆਂ ਸੰਗਤਾਂ ਨੇ ਪੰਜਾਂ ਪਿਆਰਿਆ ਅਤੇ, ਹਜੂਰੀ ਵਿੱਚ ਸੇਵਾ ਨਿਭਾ ਰਹੇ ਗ੍ਰੰਥੀ ਸਿੰਘ ਨੂੰ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਇਸ ਮੌਕੇ ਸਤਿਕਾਰ ਕਰਨ ਵਾਲੀਆਂ ਸੰਗਤਾਂ ਨੂੰ ਬਾਬਾ ਬਿਬੇਕ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਸਿਰਪਾਓ ਅਤੇ ਲੱਡੂਆਂ ਦੇ ਡੱਬੇ ਦੇ ਕਿ ਸਨਮਾਨਿਤ ਕੀਤਾ ਗਿਆ ਅਤੇ ਗਤਕਾ ਅਖਾੜਾ ਦੇ ਜਥੇਦਾਰ ਬਾਬਾ ਮਨੋਜ ਸਿੰਘ ਦੇ ਨਾਲ ਅਖਾੜੇ ਦੇ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ! ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਅਮਰੀਕ ਸਿੰਘ ਬਿੱਟਾ,ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤਰਲੋਕ ਸਿੰਘ ਬਿੱਟਾ, ਸ੍ਰ ਰਣਜੋਧ ਸਿੰਘ ਆਦਿ ਨੇ ਹਾਜਰੀ ਭਰ ਕਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ !ਨਗਰ ਕੀਰਤਨ ਵਿੱਚ ਸੰਗਤਾਂ ਵੱਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਹਰਜੱਸ ਸਰਵਨ ਕੀਤੇ ਗਏ! ਇਸ ਮੌਕੇ ਗੱਲਬਾਤ ਦੌਰਾਨ ਬਾਬਾ ਬਿਬੇਕ ਸਿੰਘ ਜੀ ਨੇ ਦੇਸ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਨੂੰ ਪ੍ਰਕਾਸ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਹਾਜਰੀਆਂ ਭਰਨ ਵਾਲੀਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਸਿਰਪਾਓ ਅਤੇ ਲੱਡੂਆਂ ਦੇ ਡੱਬੇ ਦੇ ਕਿ ਸਨਮਾਨਿਤ ਕੀਤਾ ਅਤੇ ਨਗਰ ਕੀਰਤਨ ਵਿੱਚ ਹਾਜਰੀਆਂ ਭਰਨ ਵਾਲੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆ ਆਖਿਆ ਬਾਬਾ ਬਿਬੇਕ ਸਿੰਘ ਜੀ ਨੇ ਬੇਨਤੀ ਕਰਦਿਆਂ ਹੋਇਆ ਕਿਹਾ ਕਿ ਇਸ ਵਾਰ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਵਿਸਾਲ ਨਗਰ ਕੀਰਤਨ 23 ਨਵੰਬਰ ਨੂੰ ਸਜਾਇਆ ਜਾਵੇਗਾ ! ਸਮੂਹ ਸੰਗਤਾਂ 23 ਨਵੰਬਰ ਨੂੰ ਵਿਸ਼ਾਲ ਨਗਰ ਕੀਰਤਨ ਦੀਆਂ ਹਾਜਰੀਆਂ ਭਰ ਕਿ ਸੰਗਤਾਂ ਕਰਕੇ ਹਰਜੱਸ ਸਰਵਨ ਕਰਕੇ ਗੁਰੂ ਸਾਹਿਬ ਜੀ ਦੀ ਬਖਸਿਸਾਂ ਪ੍ਰਾਪਤ ਕਰਨਾ !

**ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ 23 ਨਵੰਬਰ ਨੂੰ ਵਿਸਾਲ ਨਗਰ ਕੀਰਤਨ ਸਜਾਏ ਜਾਣਗੇ-ਬਾਬਾ ਬਿਬੇਕ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ੋਕ ਸੰਦੇਸ਼



ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :— ਸ੍ਰੀ ਜਰਨੈਲ ਸਾਬਕਾ ਮੰਡਲ ਪ੍ਰਧਾਨ ਪੰਜਾਬ ਨਾਨ ਗਜਟਿਡ ਫੋਰੈਸਟ ਆਫੀਸਰ ਯੂਨੀਅਨ ਸੰਗਰੂਰ ਮੰਡਲ ਅਤੇ ਸੀਨੀਅਰ ਮੈਂਬਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੂੰ ਉਸ ਸਮੇਂ ਭਾਰੀ ਸਦਮਾ ਲਗਾ ਜਦੋਂ ਉਨ੍ਹਾਂ ਦਾ ਜਵਾਨ ਬੇਟਾ ਜੂਨੀਅਰ ਇੰਜੀਨੀਅਰ ਸੰਖੇਪ ਬਿਮਾਰੀ ਉਪਰੰਤ ਸੁਵਰਗ ਸਿਧਾਰ ਗਿਆ। ਉਸ ਦੀ ਮੌਤ ਤੇ ਸਮੂਹ ਮੈਂਬਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੁੱਖ ਦਾ ਪ੍ਰਗਟਾਵਾ ਕਰਦੇ ਹਨ ਅਤੇ ਪਰਮਾਤਮਾ ਅੱਗੇ ਅਰਦਾਸ ਬੇਨਤੀ ਕਰਦੇ ਹਨ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਸ਼੍ਰੀ ਜਰਨੈਲ ਸਿੰਘ ਦੇ ਬੇਟੇ ਸ਼੍ਰੀ ਜਤਿੰਦਰ ਸਿੰਘ ਦੀ ਅੰਤਿਮ ਅਰਦਾਸ ਦਾ ਭੋਗ ਮਿਤੀ 29—10—2026 ਦਿਨ ਵੀਰਵਾਰ ਨੂੰ ਗੁਰਦੁਆਰਾ ਸਾਹਿਬ ਪਿੰਡ ਫਰਵਾਹੀ ਜ਼ਿਲ੍ਹਾ ਸੰਗਰੂਰ ਵਿਖੇ ਦੁਪਹਿਰੇ 12 ਤੋਂ 1 ਵਜੇ ਪਾਏ ਜਾਣਗੇ, ਜਿਥੇ ਵੱਡੀ ਗਿਣਤੀ ਸਾਕ—ਸਬੰਧੀ, ਦੋਸਤ—ਮਿੱਤਰ ਪਹੁੰਚ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀਆਂ ਅਰਪਿਤ ਕਰਨਗੇ। ਇਸ ਮੌਕੇ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਸਮੂਹ ਸਾਥੀਆਂ ਨੂੰ ਭੋਗ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਿਖੇ ਹੋਣ ਵਾਲੇ ਸਮਾਗਮਾਂ ਦੀ ਲਈ ਸਮੀਖਿਆ





ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :— ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਾਲਾ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਅਤੇ ਸਾਕਾ ਪੰਜਾ ਸਾਹਿਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਇਕ ਨਵੰਬਰ ਦਿਨ ਐਤਵਾਰ (16 ਕੱਤਕ 2026) ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁਕਣ ਖਾਂ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸੁਖਦੇਵ ਸਿੰਘ ਬੁਕਣ ਖਾਂ, ਗਿਆਨੀ ਬਲਰਾਜ ਸਿੰਘ ਅਤੇ ਜਥੇਦਾਰ ਗੁਰਦੀਪ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਸਿੰਘ ਸਾਹਿਬ ਗਿਆਨੀ ਪਰਮਿੰਦਰ ਸਿੰਘ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਗਿਆਨੀ ਬਲਬੀਰ ਸਿੰਘ ਦਮਦਮੀ ਟਕਸਾਲ ਯੂਕੇ ਵਾਲੇ, ਰਾਗੀ ਭਾਈ ਸਰਬਜੀਤ ਸਿੰਘ ਯੂ.ਐਸ.ਏ, ਰਾਗੀ ਭਾਈ ਸਹਿਜਪਾਲ ਸਿੰਘ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਰੱਤਾ ਖੇੜਾ ਸੰਗਰੂਰ ਰਬਾਬ ਰਾਹੀਂ ਕੀਰਤਨ ਦੀ ਹਾਜਰੀ ਭਰਨਗੇ। ਇਸ ਤੋਂ ਇਲਾਵਾ ਢਾਡੀ ਜਥਾ ਸੁਖਨਿੰਦਰ ਸਿੰਘ ਆਰਫ ਸਭਰਾਵਾਂ ਵਾਲੇ, ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ, ਜਥੇਦਾਰ ਬਾਬਾ ਸੁਖਦੇਵ ਸਿੰਘ ਅਤੇ ਗਿਆਨੀ ਬਲਰਾਜ ਸਿੰਘ, ਜਥੇਦਾਰ ਗੁਰਦੀਪ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਖ ਹਾਜ਼ਰੀ ਭਰਨਗੇ ਜਿਨ੍ਹਾਂ ਵਿੱਚ ਬਾਬਾ ਬਲਦੇਵ ਸਿੰਘ ਜੋਗੇਵਾਲਾ, ਬਾਬਾ ਛਿੰਦਰ ਸਿੰਘ ਸਭਰਾਵਾਂ ਵਾਲੇ, ਬਾਬਾ ਹਰਭਜਨ ਸਿੰਘ ਕਾਰ ਸੇਵਾ ਜੰਡ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਹਜ਼ੂਰ ਸਾਹਿਬ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਜੋਰਾ ਸਿੰਘ ਤਲਵੰਡੀ ਭਾਈ, ਬਾਬਾ ਸੁੱਚਾ ਸਿੰਘ ਕਾਰ ਸੇਵਾ, ਬਾਬਾ ਸੁਖਜੀਤ ਸਿੰਘ ਫਿਰੋਜਪੁਰ ਵਾਲੇ, ਬਾਬਾ ਗੁਰਮੇਲ ਸਿੰਘ ਕਾਰ ਸੇਵਾ ਬਜੀਦਪੁਰ ਵਾਲੇ, ਬਾਬਾ ਸਤਨਾਮ ਸਿੰਘ ਵਲੀਆਂ ਵਾਲੇ, ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਬਾਬਾ ਗੁਰਦਿਆਲ ਸਿੰਘ ਲੰਗਿਆਣਾ, ਬਾਬਾ ਪ੍ਰਤਾਪ ਸਿੰਘ ਬੰਡਾਲਾ, ਬਾਬਾ ਪੂਰਨ ਸਿੰਘ ਝੋਕ ਹਰੀਹਰ, ਬਾਬਾ ਅਜੀਤ ਪਾਲ ਸਿੰਘ ਪਾਲੀ ਨਾਨਕਸਰ ਠਾਠ ਗੋਬਿੰਦ ਨਗਰ ਵਾਲੇ, ਭਾਈ ਅਮਰਜੀਤ ਸਿੰਘ ਕਣਕਵਾਲ, ਭਾਈ ਰਸ਼ਪਾਲ ਸਿੰਘ ਝੋਕ ਮੋਹੜੇ, ਗਿਆਨੀ ਗੁਰਸਰਨ ਸਿੰਘ ਭਲੂਰ, ਭਾਈ ਪਿੱਪਲ ਸਿੰਘ ਦਮਦਮਾ ਸਾਹਿਬ, ਭਾਈ ਬਲਕਾਰ ਸਿੰਘ ਇਲਮੇਵਾਲੇ, ਭਾਈ ਅਵਤਾਰ ਸਿੰਘ ਘੋਲੀਆ, ਭਾਈ ਗੁਰਨੇਕ ਸਿੰਘ ਸੰਗਰਾਹੂਰ, ਗਿਆਨੀ ਬਲਵਿੰਦਰ ਸਿੰਘ ਬਜੀਦਪੁਰ ਸਾਹਿਬ, ਭਾਈ ਨਿਰਮਲ ਸਿੰਘ ਰੱਤਾ ਖੇੜਾ, ਭਾਈ ਦਵਿੰਦਰ ਸਿੰਘ ਗੁਲਾਮੀ ਵਾਲਾ, ਭਾਈ ਚਮਕੋਰ ਸਿੰਘ ਜਨਮ ਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ, ਭਾਈ ਜਸਮੇਲ ਸਿੰਘ ਹਕੂਮਤ ਸਿੰਘ ਵਾਲਾ, ਭਾਈ ਜੱਸਾ ਸਿੰਘ ਜਗਾ ਰਾਮ ਤੀਰਥ ਰਾਗੀ ਬੋਹੜ ਸਿੰਘ ਮਹਿਮਾ ਰਾਗੀ, ਗੁਰਸੇਵਕ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਮਹਾਂਪੁਰਸ਼ ਪਹੁੰਚ ਕੇ ਗੁਰੂ ਘਰ ਵਿੱਚ ਹਾਜਰੀ ਲਾਉਣਗੇ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਜਥੇਦਾਰ ਗੁਰਦੀਪ ਸਿੰਘ ਬੁਕਣ ਖਾਂ ਵਾਲੇ ਤਨੋ ਮਨੋ ਧੰਨੋ ਸੇਵਾ ਕਰਨਗੇ। ਇਸ ਮੌਕੇ ਤੇ ਜਥੇਦਾਰ ਬਾਬਾ ਸੁਖਦੇਵ ਸਿੰਘ, ਗਿਆਨੀ ਬਲਰਾਜ ਸਿੰਘ ਅਤੇ ਜਥੇਦਾਰ ਗੁਰਦੀਪ ਸਿੰਘ ਬੁਕਣ ਖਾਂ ਵਾਲਿਆਂ ਨੇ ਸਮੂਹ ਇਲਾਕਾ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਕ ਨਵੰਬਰ ਦਿਨ ਐਤਵਾਰ ਨੂੰ ਗੁਰੂ ਘਰ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਉਨ੍ਹਾਂ ਦੱਸਿਆ ਕਿ ਆਈ ਸੰਗਤ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਮਾਛੀਵਾੜਾ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ ਆਗਮਨ ਪ੍ਰਕਾਸ਼ ਪੁਰਬ 31 ਅਕਤੂਬਰ ਤੋਂ 2 ਨਵੰਬਰ ਤੱਕ ਸ਼ਰਧਾ ਨਾਲ ਮਨਾਇਆ ਜਾਵੇਗਾ

ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :— ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦੇ ਆਗਮਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਮਾਛੀਵਾੜਾ (ਨੇੜੇ ਜੋਸਨ ਪੈਟਰੋਲ ਪੰਪ ਜ਼ਿਲ੍ਹਾ ਫ਼ਿਰੋਜ਼ਪੁਰ) ਵਿਖੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 31 ਅਕਤੂਬਰ, 1 ਅਤੇ 2 ਨਵੰਬਰ 2026 ਨੂੰ 3 ਦਿਨਾ ਧਾਰਮਿਕ ਸਮਾਗਮ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਗਮ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਪੰਥ ਦੇ ਮਹਾਨ ਰਾਗੀ, ਢਾਡੀ, ਪ੍ਰਚਾਰਕ ਅਤੇ ਗੁਰੂ ਜਸ ਗਾਇਨ ਕਰਨ ਵਾਲੇ ਜਥੇ ਸੰਗਤਾਂ ਨੂੰ ਧੁਰ ਕੀ ਬਾਣੀ ਅਤੇ ਗੁਰੂ ਇਤਿਹਾਸ ਨਾਲ ਜੋੜਨਗੇ।

ਉਨ੍ਹਾਂ ਕਿਹਾ ਕਿ ਦਿਨ ਸ਼ਨੀਵਾਰ ਮਿਤੀ 31 ਅਕਤੂਬਰ 2026 (15 ਕੱਤਕ) ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ ਰਾਤ 7 ਵਜੇ ਤੋਂ 11 ਵਜੇ ਤੱਕ ਵਿਸ਼ੇਸ਼ ਗੁਰਮਤਿ ਸਮਾਗਮ ਹੋਵੇਗਾ। ਇਸ ਦੇ ਨਾਲ ਹੀ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਕਥਾਵਾਚਕ ਭਾਈ ਹਰਪ੍ਰੀਤ ਸਿੰਘ ਵੰਡਾਲਾ (ਅੰਮ੍ਰਿਤਸਰ) ਵੀ ਹਾਜ਼ਰੀ ਭਰਨਗੇ। ਉਨ੍ਹਾਂ ਕਿਹਾ ਕਿ 1 ਨਵੰਬਰ 2026 (16 ਕੱਤਕ) ਨੂੰ ਸਵੇਰੇ 7:15 ਤੋਂ 8:15 ਵਜੇ ਤੱਕ ਸੋਢੀ ਪਾਤਸ਼ਾਹ ਮਹਾਨ ਨਾਮਸਿਮਰਨ ਅਭਿਆਸ ਕਰਵਾਇਆ ਜਾਵੇਗਾ, ਉਪਰੰਤ ਰਾਤ 7:30 ਤੋਂ 10 ਵਜੇ ਤੱਕ ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਵਿੱਚ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਮੇਜਰ ਸਿੰਘ ਖ਼ਾਲਸਾ (ਸੁਲਤਾਨਪੁਰ ਲੋਧੀ ਵਾਲੇ) ਸੰਗਤਾਂ ਨੂੰ ਗੁਰੂ ਜਸ ਨਾਲ ਜੋੜਨਗੇ। ਉਨ੍ਹਾਂ ਕਿਹਾ ਕਿ 2 ਨਵੰਬਰ 2026 (17 ਕੱਤਕ) ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਜਦੋਂ ਕਿ ਸਵੇਰੇ 9 ਤੋਂ 11:30 ਵਜੇ ਤੱਕ ਗੁਰਮਤਿ ਸਮਾਗਮ ਹੋਵੇਗਾ। ਉਨ੍ਹਾਂ ਦੱਸਿਆ ਕਿ ਸਵੇਰੇ 11:30 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਅਤੇ ਇਸ ਮੌਕੇ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ ਸਵੇਰੇ ਹਾਜ਼ਰੀ ਭਰਨਗੇ।

ਪ੍ਰਬੰਧਕਾਂ ਨੇ ਦੱਸਿਆ ਕਿ ਸਮਾਪਤੀ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਗਿਆਨੀ ਪ੍ਰੇਮ ਸਿੰਘ (ਹੈਡ ਗ੍ਰੰਥੀ ਅਰਦਾਸੀਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਕਰਨਗੇ, ਜਦੋਂ ਕਿ ਸਟੇਜ ਸੈਕਟਰੀ ਦੀ ਸੇਵਾ ਭਾਈ ਬਲਵਿੰਦਰ ਸਿੰਘ ਖ਼ਾਲਸਾ (ਸਿੱਖ ਮਿਸ਼ਨਰੀ ਪ੍ਰਚਾਰਕ) ਨਿਭਾਉਣਗੇ। ਉਨ੍ਹਾਂ ਦੱਸਿਆ ਕਿ ਇਸ ਤਿੰਨ ਦਿਨਾਂ ਸਮਾਗਮ ਦੌਰਾਨ ਗੁਰੂ ਕਾ ਲੰਗਰ ਅੱਟੁਟ ਵਰਤੇਗਾ। ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਰਿਵਾਰਾਂ ਸਮੇਤ ਸਮਾਗਮ ਵਿੱਚ ਪਹੁੰਚ ਕੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਅਤੇ ਆਸੀਸਾਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## 30ਵਾਂ ਸਲਾਨਾ ਗੁਰਮਤਿ ਸਮਾਗਮ 1 ਨਵੰਬਰ ਨੂੰ

# ਪਿੰਡ ਜੱਸੋਵਾਲ 'ਚ ਹੋਵੇਗਾ: ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ




ਜਲੰਧਰ, 27 ਅਕਤੂਬਰ (ਆਵਾਜ਼ ਕੌਮ ਬਿਊਰੋ)-ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 30ਵਾਂ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੀੜਾਂ) ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਅੰਤਰ-ਰਾਸ਼ਟਰੀ ਪੰਥਕ ਅਕਾਲੀ ਦਲ ਅਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰੋਗਰਾਮ ਜਾਰੀ ਕਰਦਿਆਂ ਦੱਸਿਆ ਕਿ 30 ਅਕਤੂਬਰ ਦਿਨ ਸ਼ੁੱਕਰਵਾਰ ਸਵੇਰੇ 10.00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦਾ ਆਰੰਭ ਹੋਵੇਗਾ ਅਤੇ 1 ਨਵੰਬਰ ਦਿਨ ਐਤਵਾਰ ਨੂੰ ਸਵੇਰੇ 10.00 ਵਜੇ ਭੋਗ ਪਾਏ ਜਾਣਗੇ। ਇਸ ਮੌਕੇ ਲੱਗੇ ਖੁੱਲ੍ਹੇ ਪੰਡਾਲ ਵਿੱਚ ਸਵੇਰੇ 10.00 ਵਜੇ ਤੋਂ ਸ਼ਾਮ 3.00 ਵਜੇ ਤੱਕ ਭਾਰੀ ਦੀਵਾਨ ਸੱਜਣਗੇ। ਉਨ੍ਹਾਂ ਦੱਸਿਆ ਕਿ ਇਹ ਸਮਾਗਮ 20 ਅਕਤੂਬਰ ਤੋਂ ਸ਼ੁਰੂ ਹੋਇਆ ਸੀ, ਜੋ 1.00 ਨਵੰਬਰ ਤੱਕ ਲਗਾਤਾਰ ਚੱਲ ਕੇ 13ਵੇਂ ਦਿਨ ਸਮਾਪਤ ਹੋਵੇਗਾ। ਇਸ ਮੌਕੇ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁੱਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਸਿਆਸੀ ਲੀਡਰ ਅਤੇ ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰਾਂ ਸਮੇਤ ਨਾਮਵਰ ਰਾਗੀ, ਢਾਡੀ ਕਵੀਸ਼ਰ ਜੱਥੇ ਪਹੁੰਚ ਰਹੇ ਹਨ।